ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ 99155-94111

ਰੋਜ਼ਾਨਾ ਸੱਚ ਤੇ ਨਿਡਰ ਆਵਾਜ਼

# ਲੋਕ ਬਾਣੀ

Email : lokbani08@gmail.com   ਵੀਰਵਾਰ, 16 ਜੂਨ 2022   ਮੁੱਖ ਸੰਪਾਦਕ :- ਅਮਨ ਮਹਿਰਾ (ਜਲੰਧਰ)

R.N.I. Punpun/29016/2008 ✲ ਸਾਲ : 14 ✲ ਅੰਕ : 453 ✲ ਮੁੱਲ : 5.00 ਰੁਪਏ ✲ ਕੁੱਲ ਪੇਜ਼ : 10 ✲ ਫੈਕਸ : 0181-2211009 ✲ M. 99155-94111

ਇਸ਼ਤਿਹਾਰ ਲਵਾਓ ਵਪਾਰ ਵਧਾਓ
ਰੋਜ਼ਾਨਾ ਲੋਕ ਬਾਣੀ
ਅਖ਼ਬਾਰ ਵਿਚ ਸੰਪਰਕ ਕਰੋ
0181-2211009
Newslokbani@gmail.com

## ਦੇਸ਼ ਚ ਕੋਰੋਨਾ ਦਾ ਕਹਿਰ ਜਾਰੀ

## 8800 ਨਵੇਂ ਮਾਮਲੇ ਮਿਲੇ



**ਦਿੱਲੀ/ਕਪੂਰ**

ਦੇਸ਼ 'ਚ ਇਕ ਦਿਨ 'ਚ ਕੋਰੋਨਾ ਦੇ 8,822 ਨਵੇਂ ਮਾਮਲੇ ਸਾਹਮਣੇ ਆਉਣ ਤੋਂ ਬਾਅਦ ਕੋਰੋਨਾ ਵਾਇਰਸ ਨਾਲ ਪੀੜਤ ਲੋਕਾਂ ਦੀ ਗਿਣਤੀ ਵੱਧ ਕੇ 4,32,45,517 ਹੋ ਗਈ ਉੱਥੇ ਹੀ ਇਲਾਜ ਅਧੀਨ ਮਰੀਜ਼ਾਂ ਦੀ ਗਿਣਤੀ ਵੱਧ ਕੇ 53,637 @ਤੇ ਪਹੁੰਚ ਗਈ ਕੇਂਦਰੀ ਸਿਹਤ ਮੰਤਰਾਲਾ ਵਲੋਂ ਬੁੱਧਵਾਰ ਸਵੇਰੇ ਜਾਰੀ ਅੰਕੜਿਆਂ ਅਨੁਸਾਰ, ਭਾਰਤ 'ਚ ਸੰਕਰਮਣ ਨਾਲ 15 ਹੋਰ ਲੋਕਾਂ ਦੀ ਮੌਤ ਹੋ ਗਈ, ਜਿਸ ਤੋਂ ਬਾਅਦ ਮ੍ਰਿਤਕਾਂ ਦੀ ਗਿਣਤੀ ਵੱਧ ਕੇ 5,24,792 ਹੋ ਗਈ ਹੈ॥

ਅੰਕੜਿਆਂ ਅਨੁਸਾਰ ਦੇਸ਼ 'ਚ ਕੋਰੋਨਾ ਦੇ ਇਲਾਜ ਅਧੀਨ ਮਰੀਜ਼ਾਂ ਦੀ ਗਿਣਤੀ ਵੱਧ ਕੇ 53,637 ਹੋ ਗਈ ਹੈ, ਜੋ ਕੁੱਲ ਮਾਮਲਿਆਂ ਦਾ 0.12 ਫੀਸਦੀ ਹੈ ਪਿਛਲੇ 24 ਘੰਟਿਆਂ @ਚ ਇਲਾਜ ਅਧੀਨ ਮਰੀਜ਼ਾਂ ਦੀ ਗਿਣਤੀ 'ਚ 3,089 ਦਾ ਵਾਧਾ ਹੋਇਆ ਹੈ ਸੰਕਰਮਣ ਤੋਂ ਠੀਕ ਹੋਣ ਦੀ ਰਾਸ਼ਟਰੀ ਦਰ 4,26,67,088 ਲੋਕ ਸੰਕਰਮਣ ਤੋਂ ਠੀਕ ਹੋ ਚੁਕੇ ਹਨ ਅਤੇ ਕੋਰੋਨਾ ਨਾਲ ਮੌਤ ਦਰ 1.21 ਫੀਸਦੀ ਹੈ ਉੱਥੇ ਹੀ ਰਾਸ਼ਟਰਵਿਆਪੀ ਟੀਕਾਕਰਨ ਮੁਹਿੰਮ ਦੇ ਅਧੀਨ ਹੁਣ ਤੱਕ ਕੋਰੋਨਾ ਰੋਕੂ ਟੀਕਿਆਂ ਦੀਆਂ 195.5 ਕਰੋੜ ਤੋਂ ਵੱਧ ਖੁਰਾਕਾਂ ਦਿੱਤੀਆਂ ਜਾ ਚੁਕੀਆਂ ਹਨ।




## ਮਮਤਾ ਨੇ ਰਖੇ ਰਾਸ਼ਟਰਪਤੀ ਚੋਣਾਂ ਲਈ ਗੋਪਾਲਕ੍ਰਿਸ਼ਨ ਗਾਂਧੀ, ਫਾਰੂਕ ਅਬਦੁੱਲਾ ਦਾ ਨਾਮ

**ਨਵੀਂ ਦਿੱਲੀ/ਲੋਕ ਬਾਣੀ**

ਪੱਛਮੀ ਬੰਗਾਲ ਦੀ ਮੁੱਖ ਮੰਤਰੀ ਤੇ ਤ੍ਰਿਣਮੂਲ ਕਾਂਗਰਸ ਮੁਖੀ ਮਮਤਾ ਬੈਨਰਜੀ ਨੇ ਅੱਜ ਇੱਥੇ ਵਿਰੋਧੀ ਧਿਰਾਂ ਦੀ ਮੀਟਿੰਗ ਦੌਰਾਨ ਰਾਸ਼ਟਰਪਤੀ ਅਹੁਦੇ ਦੇ ਉਮੀਦਵਾਰ ਲਈ ਮਹਾਤਮਾ ਗਾਂਧੀ ਦੇ ਪੋਤੇ ਗੋਪਾਲਕ੍ਰਿਸ਼ਨ ਗਾਂਧੀ ਅਤੇ ਨੈਸ਼ਨਲ ਕਾਨਫਰੰਸ ਦੇ ਸਰਪ੍ਰਸਤ ਫਾਰੂਕ ਅਬਦੁੱਲਾ ਦੇ ਨਾਮ ਦੀ ਪੇਸ਼ਕਸ਼ ਕੀਤੀ ਮੀਟਿੰਗ ਦੌਰਾਨ ਨੈਸ਼ਨਲ ਕਾਂਗਰਸ ਪਾਰਟੀ ਦੇ ਮੁਖੀ ਸ਼ਰਦ ਪਵਾਰ ਨੂੰ ਇਸ ਵੱਕਾਰੀ ਅਹੁਦੇ ਲਈ ਚੋਣ ਲੜਨ ਦੀ ਅਪੀਲ ਕੀਤੀ ਗਈ ਸੀ, ਪਰ ਉਨ੍ਹਾਂ ਨੇ ਇਸ ਤੋਂ ਇਨਕਾਰ ਕਰ ਦਿੱਤਾ ਸੀ।

## ਕਿਰਨ ਬੇਦੀ ਨੇ ਸਿੱਖਾਂ ਤੋਂ ਮੰਗੀ ਮਾਫੀ

**ਦਿੱਲੀ/ਕਪੂਰ**

ਸਾਬਕਾ ਲੈਫਟੀਨੈਂਟ ਗਵਰਨਰ ਕਿਰਨ ਬੇਦੀ ਸਿੱਖਾਂ ਅਤੇ 12 ਵਜੇ ਦਾ ਮਜ਼ਾਕ ਉਡਾਉਣ ਤੋਂ ਬਾਅਦ ਵਿਵਾਦਾਂ ਵਿੱਚ ਆ ਗਈ ਹੈ ਕਿਰਨ ਬੇਦੀ ਨੇ ਇਹ ਮਜ਼ਾਕ ਇੱਕ ਕਾਨਫਰੰਸ ਵਿੱਚ ਕੀਤਾ ਇਸ ਤੋਂ ਬਾਅਦ ਉਨ੍ਹਾਂ ਨੂੰ ਸਿੱਖਾਂ ਦਾ ਵਿਰੋਧ ਝੱਲਣਾ ਪਿਆ ਇੰਨਾ ਹੀ ਨਹੀਂ ਲੋਕ ਉਨ੍ਹਾਂ ਨੂੰ ਸ਼ਰੇਆਮ ਗਾਲ੍ਹਾਂ ਕੱਢ ਰਹੇ ਹਨ॥ ਵਿਰੋਧ ਤੋਂ ਬਾਅਦ ਕਿਰਨ ਬੇਦੀ ਨੇ ਹੁਣ ਟਵਿੱਟਰ 'ਤੇ ਆਪਣੇ ਵਿਵਹਾਰ ਲਈ ਮੁਆਫੀ ਮੰਗ ਲਈ ਹੈ।ਆਪਣੇ ਟਵਿੱਟਰ ਅਕਾਊਂਟ 'ਤੇ ਇਕ ਪੋਸਟ 'ਚ ਕਿਰਨ ਬੇਦੀ ਨੇ ਕਿਹਾ ਕਿ ਉਹ ਆਪਣੇ ਭਾਈਚਾਰੇ ਲਈ ਸਭ ਤੋਂ ਵੱਧ ਸਨਮਾਨ ਰੱਖਦੀ ਹੈ ਉਹ ਗੁਰੂ ਨਾਨਕ ਦੇਵ ਜੀ ਦੀ ਸ਼ਰਧਾਲੂ ਹੈ ਉਨ੍ਹਾਂ ਨੇ ਪ੍ਰੋਗਰਾਮ ਦੌਰਾਨ ਸਰੋਤਿਆਂ ਦੇ ਸਾਹਮਣੇ ਜੋ ਵੀ ਕਿਹਾ, ਉਹ ਵੀ ਆਪਣੇ ਖਰਚੇ



'ਤੇ, ਉਨ੍ਹਾਂ ਨੇ ਦਰਸ਼ਕਾਂ ਨੂੰ ਜੋ ਕਿਹਾ (ਕਿਉਂਕਿ ਮੈਂ ਵੀ ਇੱਥੇ ਹਾਂ) ਨੂੰ ਗਲਤ ਨਹੀਂ ਸਮਝਣਾ ਚਾਹੀਦਾ ਉਹ ਇਸ ਲਈ ਮੁਆਫੀ ਮੰਗਦੀ ਹੈ ਇਹ ਆਖਰੀ ਵਾਰ ਹੈ ਜਦੋਂ ਉਸਨੇ ਕਿਸੇ ਨੂੰ ਦੁਖੀ ਕੀਤਾ ਹੈ ਉਹ ਸੇਵਾ ਅਤੇ ਦਿਆਲਤਾ ਵਿੱਚ ਵਿਸ਼ਵਾਸ ਰੱਖਦੀ ਹੈ॥ ਇਸ ਦੇ ਨਾਲ ਹੀ ਕਿਰਨ ਬੇਦੀ ਨੇ ਕੁਝ ਹੋਰ ਪੋਸਟ ਵੀ ਵੀ ਸਾਂਝੀ ਕੀਤੀਆਂ ਹਨ ਇਸ ਵਿੱਚ ਉਨ੍ਹਾਂ ਨੇ ਲੋਕਾਂ ਵੱਲੋਂ ਉਸ ਨੂੰ ਭੇਜੇ ਧਮਕੀ ਭਰੇ ਅਤੇ ਅਪਮਾਨਜਨਕ ਸੰਦੇਸ਼ਾਂ ਦਾ ਜ਼ਿਕਰ ਕੀਤਾ ਹੈ ਉਨ੍ਹਾਂ ਨੇ ਕੁਝ ਮੈਸੇਜ ਵੀ ਜਨਤਕ ਕੀਤੇ ਹਨ।

## 5 ਜੀ ਨੂੰ ਮਿੱਲੀ ਮੰਜ਼ੂਰੀ ਜਲਦ ਆਉਣ ਦੇ ਆਸਾਰ

**ਚੰਡੀਗੜ੍ਹ/ਵਿਨੋਦ ਸ਼ਰਮਾ**

ਕੇਂਦਰੀ ਮੰਤਰੀ ਮੰਡਲ ਨੇ ਦੇਸ਼ 'ਚ 5ਜੀ ਦੀਆਂ ਦੂਰਸੰਚਾਰ ਸੇਵਾਵਾਂ ਸ਼ੁਰੂ ਕਰਨ ਦੀ ਦਿਸ਼ਾ 'ਚ ਅਹਿਮ ਫੈਸਲਾ ਕੀਤਾ ਹੈ ਮੋਦੀ ਮੰਤਰੀ ਮੰਡਲ ਨੇ 5ਜੀ ਸਪੈਕਟ੍ਰਮ ਦੀ ਨਿਲਾਮੀ ਨੂੰ ਮਨਜ਼ੂਰੀ ਦੇ ਦਿੱਤੀ ਹੈ ਜਾਣਕਾਰਾਂ ਮੁਤਾਬਕ, ਸਭ ਠੀਕ ਢੰਗ ਨਾਲ ਚੱਲਿਆ ਤਾਂ



ਇਸ ਸਾਲ ਦੀਵਾਲੀ ਤਕ ਦੇਸ਼ ਵਾਸੀਆਂ ਨੂੰ 5ਜੀ ਦੂਰਸੰਚਾਰ ਸੇਵਾਵਾਂ ਦਾ ਤੋਹਫਾ ਮਿਲ ਸਕਦਾ ਹੈ।20 ਸਾਲਾਂ ਤਕ ਇਹ ਸੇਵਾਵਾਂ ਸੰਚਾਲਿਤ ਕਰਨ ਲਈ ਜੁਲਾਈ ਦੇ ਅਖੀਰ ਤਕ ਸਰਕਾਰ ਕੁੱਲ 72097.85 ਮੇਗਾਹਰਟਜ਼ ਸਪੈਕਟ੍ਰਮ ਦੀ ਨਿਲਾਮੀ ਕਰੇਗੀ।

## 17 ਜੂਨ ਨੂੰ ਬੇਰੁਜ਼ਗਾਰ ਕਰਨਗੇ ਸੰਗਰੂਰ 'ਚ ਪ੍ਰਦਰਸ਼ਨ

**ਸੰਗਰੂਰ/ਲੋਕ ਬਾਣੀ:-** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕੋਠੀ ਦੇ ਗੇਟ ਉੱਤੇ ਪੱਕਾ ਮੋਰਚਾ ਲਗਾਈ ਬੈਠੇ ਬੇਰੁਜ਼ਗਾਰ ਮਲਟੀ ਪਰਪਜ਼ ਹੈਲਥ ਵਰਕਰਾਂ ਨੇ ਸਰਕਾਰ ਦੀ ਖਾਮੋਸ਼ੀ ਤੋ ਖ਼ਫ਼ਾ ਹੋ ਕੇ ਹੁਣ 17 ਜੂਨ ਨੂੰ ਸੰਗਰੂਰ ਜਾਮ ਕਰਨ ਦਾ ਐਲਾਨ ਕੀਤਾ ਹੈ। ਯੂਨੀਅਨ ਦੇ ਮੀਤ ਪ੍ਰਧਾਨ ਸੁਖਦੇਵ ਸਿੰਘ ਜਲਾਲਾਬਾਦ ਨੇ ਦੱਸਿਆ ਕਿ ਸਿਹਤ ਵਿਭਾਗ ਵਿੱਚ ਉਮਰ ਹੱਦ ਛੋਟ ਸਮੇਤ ਭਰਤੀ ਦੀ ਮੰਗ ਨੂੰ ਲੈਕੇ ਸੰਘਰਸ਼ ਕਰਦੇ ਬੇਰੁਜ਼ਗਾਰਾਂ ਨੂੰ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ ਉਹਨਾਂ ਕਿਹਾ ਕਿ ਸਿਹਤ ਵਿਭਾਗ ਵਿੱਚ ਮਲਟੀ ਪਰਪਜ਼ ਹੈਲਥ ਵਰਕਰਾਂ ਦੀਆਂ ਹਜ਼ਾਰਾਂ ਅਸਾਮੀਆਂ ਖਾਲੀ ਪਈਆਂ ਹਨ। ਉਂਝ ਭਾਵੇਂ ਸਰਕਾਰ



ਨੇ ਸਿਹਤ ਵਿਭਾਗ ਵਿੱਚ ਵੱਖ ਵੱਖ ਸ੍ਰੇਣੀਆਂ ਦੀਆਂ 3000 ਦੇ ਕਰੀਬ ਅਸਾਮੀਆਂ ਭਰਨ ਦਾ ਐਲਾਨ ਕੀਤਾ ਹੈ, ਪ੍ਰੰਤੂ ਸਿਹਤ ਵਰਕਰ ਪੁਰਸ਼ ਦੀ ਇਕ ਵੀ ਅਸਾਮੀ ਦਾ ਜਿਕਰ ਨਹੀਂ ਹੁਣ ਜਦੋਂ ਮੁੱਖ ਮੰਤਰੀ ਹੀ ਸਿਹਤ ਮੰਤਰੀ ਹਨ ਤਾਂ ਆਪਣੀਆਂ ਮੰਗਾਂ ਲਈ ਬੇਰੁਜ਼ਗਾਰ 17 ਜੂਨ ਨੂੰ ਰੋਸ ਪ੍ਰਦਰਸ਼ਨ ਕਰਕੇ ਗੂੰਗੀ ਬੋਲੀ ਸਰਕਾਰ ਨੂੰ ਜਗਾਉਣਗੇ।

## ਗਾਇਕ ਚਮਕੀਲੇ ਦਾ ਪੁੱਤਰ ਜੈਮਨ ਚਮਕੀਲਾ ਇੱਕ ਕਿਲੋ ਅਫੀਮ ਸਮੇਤ ਕਾਬੂ

**ਧਾਲੀਵਾਲ/ਲੋਕ ਬਾਣੀ**

ਧਾਰੀਵਾਲ ਦੀ ਪੁਲਸ ਨੇ ਮਹਰੂਮ ਗਾਇਕ ਅਮਰ ਸਿੰਘ ਚਮਕੀਲੇ ਦੇ ਪੁੱਤਰ ਜੈਮਨ ਚਮਕੀਲੇ



ਨੂੰ ਇਕ ਕਿਲੋ ਅਫੀਮ ਸਮੇਤ ਕਾਬੂ ਕੀਤਾ ਪੁਲਸ ਨੇ ਜੈਮਨ ਚਮਕੀਲਾ ਦੇ ਇਕ ਹੋਰ ਸਾਥੀ ਨੂੰ ਗ੍ਰਿਫਤਾਰ ਕੀਤਾ ਪੁਲਿਸ ਨੇ ਦੋਸ਼ੀਆਂ ਪਾਸੋਂ ਇੱਕ ਕਾਰ ਵੀ ਬਰਾਮਦ ਕੀਤੀ ਹੈ ਜਿਸ ਵਿੱਚ ਅਫੀਮ ਦੀ ਤਸਕਰੀ ਕੀਤੀ ਜਾ ਰਹੀ ਸੀ।

## ਵੋਟਰ ਸੂਚੀ ਦੀ ਸੁਧਾਈ ਦਾ ਕੰਮ ਜੰਮੂ ਕਸ਼ਮੀਰ ਵਿਚ ਸ਼ੁਰੂ

**ਨਵੀਂ ਦਿੱਲੀ/ਲੋਕ ਬਾਣੀ**

ਚੋਣ ਕਮਿਸ਼ਨ ਨੇ ਜੰਮੂ ਕਸ਼ਮੀਰ ਵਿੱਚ ਹੱਦਬੰਦੀ ਪ੍ਰਕਿਰਿਆ ਤੋਂ ਬਾਅਦ ਵੋਟਰ ਸੂਚੀਆਂ ਵਿੱਚ ਸੁਧਾਈ ਦਾ ਕੰਮ ਸ਼ੁਰੂ ਕਰ ਦਿੱਤਾ ਹੈ ਅਤੇ ਮਸੌਦਾ ਸੂਚੀ 31 ਅਗਸਤ ਤੱਕ



ਤਿਆਰ ਹੋ ਜਾਵੇਗੀ ਸੂਤਰਾਂ ਨੇ ਅੱਜ ਇਹ ਜਾਣਕਾਰੀ ਦਿੱਤੀ ਹੈ ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਅਤੇ ਚੋਣ ਕਮਿਸ਼ਨਰ ਅਨੂਪ ਚੰਦਰ ਪਾਂਡੇ ਨੇ ਸਮੀਖਿਆ ਕਰਨ ਮਗਰੋਂ ਜੰਮੂ ਕਸ਼ਮੀਰ ਦੇ ਮੁੱਖ ਚੋਣ ਅਫਸਰ ਨੂੰ ਦੁਬਾਰਾ ਬਣਾਏ ਗਏ ਵਿਧਾਨ ਸਭਾ ਹਲਕਿਆਂ ਦਾ ਨਕਸ਼ਾ ਬਣਾਉਣ ਦੇ ਨਿਰਦੇਸ਼ ਦਿੱਤੇ ਹਨ ।

## ਸ਼ਕਤੀ ਕਪੂਰ ਦਾ ਪੁੱਤਰ ਡਰੱਗਜ਼ ਮਾਮਲੇ 'ਚ ਗ੍ਰਿਫਤਾਰ

**ਮੁੰਬਈ/ਲੋਕ ਬਾਣੀ**

ਡਰੱਗਸ ਮਾਮਲੇ 'ਚ ਗ੍ਰਿਫ਼ਤਾਰ ਬਾਲੀਵੁੱਡ ਅਦਾਕਾਰ ਸ਼ਕਤੀ ਕਪੂਰ ਦੇ ਪੁੱਤਰ ਤੇ ਅਦਾਕਾਰਾ ਸ਼ਰਧਾ ਕਪੂਰ ਦੇ ਭਰਾ ਸਿਧਾਂਤ ਕਪੂਰ ਨੂੰ ਪੁਲਸ ਨੇ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਹੈ ਸੀ. ਪੀ.



ਈਸਟ ਬੈਂਗਲੁਰੂ ਭੀਮਾ ਸ਼ੰਕਰ ਗੁਲਡ ਨੇ ਦੱਸਿਆ ਕਿ ਸਿਧਾਂਤ ਤੇ ਗ੍ਰਿਫ਼ਤਾਰ ਕੀਤੇ ਗਏ ਹੋਰਨਾਂ ਚਾਰ ਵਿਅਕਤੀਆਂ ਨੂੰ ਸਟੇਸ਼ਨ ਜ਼ਮਾਨਤ 'ਤੇ ਰਿਹਾਅ ਕਰ ਦਿੱਤਾ ਗਿਆ ਹੈ ਉਨ੍ਹਾਂ ਨੂੰ ਅੱਗੇ ਜਦੋਂ ਵੀ ਬੁਲਾਇਆ ਜਾਵੇਗਾ, ਉਨ੍ਹਾਂ ਨੂੰ ਪੁਲਸ ਸਾਹਮਣੇ ਪੇਸ਼ ਹੋਣਾ ਪਵੇਗਾ।




ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਕੇਜਰੀਵਾਲ ਦਾ ਵੱਡਾ ਬਿਆਨ; ਅਕਾਲੀਆਂ-ਕਾਂਗਰਸੀਆਂ ਨੇ ਪੈਦਾ ਕੀਤਾ ਗੈਂਗਸਟਰਵਾਦ

**ਚੰਡੀਗੜ੍ਹ/ਲੋਕ ਬਾਣੀ**

ਜਲੰਧਰ ਪਹੁੰਚੇ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਆਪਣੇ ਸੰਬੋਧਨ ਵਿੱਚ ਪੰਜਾਬ ਨੂੰ ਗੈਂਗਸਟਰ ਮੁਕਤ ਧਰਤੀ ਬਣਾਉਣ ਦਾ ਅਹਿਦ ਲਿਆ॥ ਉਨ੍ਹਾਂ ਕਿਹਾ ਕਿ ਗੈਂਗਸਟਰਵਾਦ ਅਕਾਲੀਆਂ ਤੇ ਕਾਂਗਰਸੀਆਂ ਵੱਲੋਂ ਪੈਦਾ ਕੀਤਾ ਹੋਇਆ ਹੈ, ਜਿਨ੍ਹਾਂ ਨੇ ਇਨ੍ਹਾਂ ਅਪਰਾਧੀਆਂ ਦੀ ਖੁੱਲ੍ਹ ਕੇ ਪੁਸ਼ਤ-ਪਨਾਹੀ ਕੀਤੀ। ਕੇਜਰੀਵਾਲ ਨੇ ਕਿਹਾ ਕਿ ਹੁਣ ਜਦੋਂ ਇਨ੍ਹਾਂ ਗੈਂਗਸਟਰਾਂ ਦੀ ਪੁਸ਼ਤ-ਪਨਾਹੀ ਖ਼ਤਮ ਹੋ ਗਈ ਹੈ ਤਾਂ ਇਹ ਅਪਰਾਧੀ ਜਲਦੀ ਸਲਾਖਾਂ ਪਿੱਛੇ ਹੋਣਗੇ॥ ਗੈਂਗਸਟਰਾਂ ਦੇ ਗਠਜੋੜ ਦੇ ਸਫ਼ਾਏ ਦੀ ਗੱਲ ਕਰਦਿਆਂ ਦਿੱਲੀ



ਦੇ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਕਿਤੇ ਵੀ ਹੋਏ ਅਪਰਾਧ ਦੇ ਕਿਸੇ ਵੀ ਦੋਸ਼ੀ ਨੂੰ ਨਹੀਂ ਬਖ਼ਸ਼ੇਗੀ, ਜਦੋਂ ਕਿ ਪਿਛਲੀਆਂ ਸਰਕਾਰਾਂ ਅਜਿਹੇ ਸਮਾਜ ਵਿਰੋਧੀ ਅਨਸਰਾਂ ਦੀ ਪੁਸ਼ਤ-ਪਨਾਹੀ ਕਰਦੀਆਂ ਸਨ। ਕੇਜਰੀਵਾਲ ਨੇ ਕਿਹਾ ਕਿ ਜੇਲ੍ਹਾਂ ਵਿੱਚੋਂ ਵੀ.ਆਈ.ਪੀ. ਸੱਭਿਆਚਾਰ ਨੂੰ ਖ਼ਤਮ ਕਰਨ ਦੇ ਨਾਲ-ਨਾਲ ਬੰਦੀਆਂ ਵਿਚਾਲੇ ਅਨੁਸ਼ਾਸਨ ਯਕੀਨੀ ਬਣਾਉਣ ਲਈ ਵਿਸ਼ੇਸ਼ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ॥ ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਆਪ ਸਰਕਾਰ ਦੀ ਕਾਇਮੀ ਦੇ ਤਿੰਨ ਮਹੀਨੇ ਲਾਮਿਸਾਲ ਤਰੱਕੀ ਤੇ ਵਿਕਾਸ ਦੇ ਗਵਾਹ ਬਣੇ ਹਨ।

## ਸਿੱਖਿਆ ਵਿਭਾਗ ਵੱਲੋਂ ਸਕੂਲ ਮੁਖੀਆਂ ਨੂੰ ਸਕੂਲਾਂ 'ਚ ਯੋਗ ਦਿਵਸ ਮਨਾਉਣ ਬਾਰੇ ਨਵਾਂ ਪੱਤਰ ਜਾਰੀ

**ਚੰਡੀਗੜ੍ਹ/ਲੋਕ ਬਾਣੀ**

ਸਕੂਲਾਂ 'ਚ ਅੰਤਰ ਰਾਸ਼ਟਰੀ ਯੋਗਾ ਦਿਵਸ ਮਨਾਉਣ ਸਬੰਧੀ ਸਿੱਖਿਆ ਵਿਭਾਗ ਵੱਲੋਂ




ਸਕੂਲ ਮੁੱਖੀਆਂ ਨੂੰ ਪੱਤਰ ਜਾਰੀ ਕੀਤਾ ਗਿਆ ਹੈ।

# ਪੁਲਿਸ ਦਾ ਭੂ-ਮਾਫੀਆ ਤੇ ਸ਼ਿਕੰਜਾ: ਪ੍ਰਾਪਰਟੀ ਡੀਲਰ ਦੀ 22 ਕਰੋੜ ਦੀ ਜਾਇਦਾਦ ਕੁਰਕ, ਮੱਚਿਆ ਹੜਕੰਪ

ਪੁਲਿਸ ਪ੍ਰਸ਼ਾਸਨ ਵੱਲੋਂ ਮਾਫ਼ੀਆ 'ਤੇ ਸ਼ਿਕੰਜਾ ਕੱਸਣ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਇੱਕ ਪ੍ਰਾਪਰਟੀ ਡੀਲਰ ਦੀ 22 ਕਰੋੜ ਰੁਪਏ ਦੀ ਜਾਇਦਾਦ ਕੁਰਕ ਕੀਤੀ ਗਈ ਹੈ ਰੈਜ਼ੀਡੈਂਸੀ ਨਾਂ ਦੀ ਕੰਪਨੀ ਦੇ ਮਾਲਕ ਸੰਜੇ ਸਿੰਗਲਾ 'ਤੇ ਇਕ ਹੀ ਪਲਾਟ ਅਤੇ ਮਕਾਨ ਦੀ ਦੋ ਤੋਂ ਤਿੰਨ ਲੋਕਾਂ ਦੀ ਰਜਿਸਟਰੀ ਕਰਵਾ ਕੇ ਪੈਸੇ ਕਮਾਉਣ ਦਾ ਦੋਸ਼ ਹੈ॥ ਇਸ ਦੀ ਰਿਪੋਰਟ ਸ਼ਨੀਵਾਰ ਨੂੰ ਹੀ ਪੁਲਿਸ ਸੁਪਰਡੈਂਟ ਨੇ ਜ਼ਿਲ੍ਹਾ



ਮੈਜਿਸਟ੍ਰੇਟ ਨੂੰ ਭੇਜ ਦਿੱਤੀ ਸੀ ਡੀਐਮ ਦੀ ਮੋਹਰ ਲਗਦੇ ਹੀ ਪ੍ਰਾਪਰਟੀ ਡੀਲਰ ਸੰਜੇ ਸਿੰਗਲਾ ਨੇ 22 ਕਰੋੜ ਰੁਪਏ ਦੀ ਜਾਇਦਾਦ ਕੁਰਕ ਕਰ ਲਈ ਹੈ ਭੂ ਮਾਫੀਆ 'ਤੇ ਬਾਰਾਬੰਕੀ ਪੁਲਿਸ ਪ੍ਰਸ਼ਾਸਨ ਦੀ ਇਹ ਸਭ ਤੋਂ ਵੱਡੀ ਕਾਰਵਾਈ ਹੈ ਇਸ ਕਾਰਵਾਈ ਤੋਂ ਬਾਅਦ ਭੂ-ਮਾਫੀਆ 'ਚ ਦਹਿਸ਼ਤ ਦਾ ਮਾਹੌਲ ਹੈ।

# ਪੰਜਾਬ ਯੂਨੀਵਰਸਿਟੀ ਨੂੰ ਬਚਾਉਣ ਲਈ ਵਿਦਿਆਰਥੀਆਂ ਨੇ ਬਣਾਇਆ 'ਪੰਜਾਬ ਯੂਨੀਵਰਸਿਟੀ ਬਚਾਓ ਮੋਰਚਾ'



**ਚੰਡੀਗੜ੍ਹ/ਲੋਕ ਬਾਣੀ**

ਕੇਂਦਰ ਦੀ ਫਾਸ਼ੀਵਾਦੀ ਭਾਜਪਾ ਹਕੂਮਤ ਵੱਲੋਂ ਦੇਸ਼ ਅੰਦਰ ਨਿਜੀਕਰਨ, ਕੇਂਦਰੀਕਰਨ ਤੇ ਭਗਵੇਂਕਰਨ ਦੇ ਏਜੰਡੇ ਨੂੰ ਜ਼ੋਰ ਸ਼ੋਰ ਨਾਲ ਲਾਗੂ ਕੀਤਾ ਜਾ ਰਿਹਾ ਹੈ ਇਸੇ ਏਜੰਡੇ ਦਾ ਹੀ ਹਿੱਸਾ ਪੰਜਾਬ ਯੂਨੀਵਰਸਿਟੀ ਦਾ ਕੇਂਦਰੀਕਰਨ ਵੀ ਹੈ ਪੰਜਾਬ ਯੂਨੀਵਰਸਿਟੀ ਦੇ ਕੇਂਦਰੀਕਰਨ ਖ਼ਿਲਾਫ਼ 9 ਵਿਦਿਆਰਥੀ ਜਥੇਬੰਦੀਆਂ ਜਿਸ 'ਚ ਪੰਜਾਬ ਰੈਡੀਕਲ ਸਟੂਡੈਂਟਸ ਯੂਨੀਅਨ, ਪੰਜਾਬ ਸਟੂਡੈਂਟਸ ਯੂਨੀਅਨ, ਪੰਜਾਬ ਸਟੂਡੈਂਟਸ ਯੂਨੀਅਨ (ਲਲਕਾਰ), ਆਲ ਇੰਡੀਆ ਸਟੂਡੈਂਟਸ ਫੈੱਡਰੇਸ਼ਨ, ਸਟੂਡੈਂਟਸ ਫੈਡਰੇਸ਼ਨ ਆਫ ਇੰਡੀਆ, ਡੈਮੋਕ੍ਰੈਟਿਕ ਸਟੂਡੈਂਟਸ ਆਰਗੇਨਾਈਜੇਸ਼ਨ, ਪੰਜਾਬ ਸਟੂਡੈਂਟਸ ਫੈਡਰੇਸ਼ਨ, ਸਟੂਡੈਂਟਸ ਫਾਰ ਸੁਸਾਇਟੀ, ਆਲ ਇੰਡੀਆ ਸਟੂਡੈਂਟਸ ਐਸੋਸੀਏਸ਼ਨ ਨੇ ਇਕ ਸਾਂਝੀ ਮੀਟਿੰਗ ਕਰਕੇ 'ਪੰਜਾਬ ਯੂਨੀਵਰਸਿਟੀ ਬਚਾਓ ਮੋਰਚੇ' ਦਾ ਗਠਨ ਕੀਤਾ ਹੈ।

ਇਸ ਮੀਟਿੰਗ ਵਿਚ ਜਥੇਬੰਦੀਆਂ ਦੇ ਸੂਬਾਈ ਪ੍ਰਤੀਨਿਧੀਆਂ ਪੀ.ਆਰ.ਐੱਸ.ਯੂ. ਤੋਂ ਰਸ਼ਪਿੰਦਰ ਜਿੰਮੀ, ਪੀ.ਐੱਸ.ਯੂ. ਤੋਂ ਅਮਨਦੀਪ ਸਿੰਘ, ਪੀ.ਐੱਸ.ਯੂ. (ਲ) ਤੋਂ ਗੁਰਪ੍ਰੀਤ, ਏ.ਆਈ.ਐਸ.ਐਫ. ਤੋਂ ਪ੍ਰਿਤਪਾਲ, ਐਸ.ਐਫ.ਆਈ. ਤੋਂ ਅੰਮ੍ਰਿਤਪਾਲ ਸਿੰਘ, ਡੀ.ਐਸ.ਓ. ਤੋਂ ਵਿਕਰਮ ਬਾਗੀ, ਪੀ.ਐੱਸ.ਐਫ. ਤੋਂ ਗਗਨਦੀਪ ਸਿੰਘ, ਐਸ.ਐੱਫ.ਐਸ. ਤੋਂ ਸੁਖਮਨ ਅਤੇ ਆਇਸਾ ਤੋਂ ਸੁਖਜੀਤ ਰਾਮਾਂਨੰਦੀ ਨੇ ਸਾਂਝੇ ਪ੍ਰੈੱਸ ਬਿਆਨ ਰਾਹੀਂ ਮੀਟਿੰਗ ਦੀ ਜਾਣਕਾਰੀ ਦਿੰਦਿਆਂ ਕਿਹਾ ਕੇ ਮੋਦੀ ਮਾਰਕਾ ਫਾਸ਼ੀਵਾਦੀ ਹਕੂਮਤ ਵੱਲੋਂ ਲਗਾਤਾਰ ਦੇਸ਼ ਅੰਦਰ ਸੂਬਿਆਂ ਦੇ ਹੱਕਾਂ ਉਪਰ ਡਾਕੇ ਮਾਰਦਿਆਂ ਕੇਂਦਰੀਕਰਨ ਦੀਆਂ ਨੀਤੀਆਂ ਅਪਣਾਈਆਂ ਜਾ ਰਹੀਆਂ ਹਨ।

ਪੰਜਾਬ ਦੇ ਹੱਕਾਂ ਉਪਰ ਲਗਾਤਾਰ ਡਾਕੇ ਪੈ ਰਹੇ ਹਨ ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੁਆਰਾ ਬੀ.ਐਸ.ਐਫ. ਦਾ ਘੇਰਾ ਵਧਾਉਣ, ਬੀਬੀਐੱਮਬੀ 'ਚੋਂ ਪੰਜਾਬ ਦੀ ਮੈਂਬਰਸ਼ਿਪ ਖਾਰਜ ਕਰਨ ਵਰਗੇ ਪੰਜਾਬ ਵਿਰੋਧੀ ਫੈਸਲਿਆਂ ਤੋਂ ਬਾਅਦ ਹੁਣ ਪੰਜਾਬ ਯੂਨੀਵਰਸਿਟੀ ਨੂੰ ਪੰਜਾਬ ਤੋਂ ਖੋਹਣ ਲਈ ਆਪਣੀ ਪੈਣੀ ਅੱਖ ਟਿਕਾ ਲਈ ਹੈ ਵਿਦਿਆਰਥੀ ਆਗੂਆਂ ਨੇ ਦੱਸਿਆ ਕਿ ਪੰਜਾਬ ਯੂਨੀਵਰਸਿਟੀ ਨੂੰ ਖੋਹ ਲੈਣ ਨਾਲ ਜਿੱਥੇ ਕੇਂਦਰ ਸਰਕਾਰ ਦੁਆਰਾ ਪੰਜਾਬ ਦੀ ਵਿਰਾਸਤ ਨੂੰ ਤਬਾਹ ਕਰਨ ਬਰਾਬਰ ਹੋਵੇਗਾ ਉੱਥੇ ਕੇਂਦਰੀਕਰਨ ਦੇ ਨਾਲ ਯੂਨੀਵਰਸਿਟੀ ਅੰਦਰ ਸੈਨੇਟ-ਸਿੰਡੀਕੇਟ ਵਰਗੀਆਂ ਜਮਹੂਰੀ ਸੰਸਥਾਵਾਂ ਨੂੰ ਭੰਗ ਕਰ ਕੇ ਆਪਣਾ ਨਿਜੀਕਰਨ ਤੇ ਭਗਵੇਂਕਰਨ ਦਾ ਏਜੰਡਾ ਜ਼ੋਰ ਸ਼ੋਰ ਨਾਲ ਲਾਗੂ ਕੀਤਾ ਜਾਵੇਗਾ।

ਹਾਲਤ ਇਹ ਹੈ ਕਿ ਪੰਜਾਬ ਦੇ ਨਾਂ 'ਤੇ ਬਣੀ ਹੋਈ ਯੂਨੀਵਰਸਿਟੀ 'ਤੇ ਅੱਜ ਵੀ ਮੁੱਖ ਰੂਪ 'ਚ ਪੰਜਾਬ ਦਾ ਹੱਕ ਨਹੀਂ ਸਗੋਂ ਵੱਖੋ-ਵੱਖ ਕੇਂਦਰੀ ਅਤੇ ਸੂਬਾਈ ਸਰਕਾਰਾਂ ਦੀਆਂ ਸਾਜ਼ਿਸ਼ਾਂ ਕਾਰਨ ਯੂਨੀਵਰਸਿਟੀ ਦਾ ਪਹਿਲਾਂ ਹੀ ਕਾਫ਼ੀ ਹੱਦ ਤਕ ਕੇਂਦਰੀਕਰਨ ਕੀਤਾ ਜਾ ਚੁੱਕਿਆ ਹੈ ਮੌਜੂਦਾ ਹਾਲਾਤ ਵਿੱਚ ਵੀ ਜਿੱਥੇ ਬੀਜੇਪੀ ਆਪਣੇ ਕੇਂਦਰੀਕਰਨ ਦੇ ਏਜੰਡੇ ਨੂੰ ਧੱਕ ਰਹੀ ਹੈ, ਉੱਥੇ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਿਰਫ਼ ਵਿਦਿਆਰਥੀਆਂ ਦੇ ਸੰਘਰਸ਼ ਸਦਕਾ ਹੀ ਇਕ ਬਿਆਨ ਜਾਰੀ ਕੀਤਾ ਹੈ ਪਰ ਯੂਨੀਵਰਸਿਟੀ ਨੂੰ ਬਚਾਉਣ ਲਈ ਕੋਈ ਅਮਲੀ ਰਣਨੀਤੀ ਤਿਆਰ ਨਹੀਂ ।

# ਜਾਅਲੀ ਸਰਟੀਫਿਕੇਟ ਬਣਾਉਣ ਦਾ ਰੈਕੇਟ ਦਾ ਪਰਦਾਫਾਸ਼



**ਗੁਰਦਾਸਪੁਰ/ਲੋਕ ਬਾਣੀ**

ਐਸ ਐਸ ਪੀ ਗੁਰਦਾਸਪੁਰ ਸ. ਹਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਮੁਹਿੰਮ ਵਿੱਢੀ ਗਈ ਹੈ , ਜਿਸ ਦੇ ਚੱਲਦਿਆਂ ਸਿਟੀ ਪੁਲੀਸ ਗੁਰਦਾਸਪੁਰ ਵੱਲੋਂ ਜਾਅਲੀ ਸਰਟੀਫਿਕੇਟ ਬਣਾਉਣ ਦਾ ਰੈਕੇਟ ਦਾ ਪਰਦਾਫਾਸ਼ ਕੀਤਾ ਗਿਆ ਹੈ ਇਸ ਸਬੰਧੀ ਪ੍ਰੈਸ ਕਾਨਫਰੰਸ ਐਸ.ਪੀ. (ਡੀ) ਡਾ. ਮੁਕੇਸ਼ ਅਤੇ ਐਸ.ਐਚ.ਓ. ਸਿਟੀ ਗੁਰਦਾਸਪੁਰ ਗੁਰਮੀਤ ਸਿੰਘ ਵਲੋਂ ਕੀਤੀ ਗਈ ਉਨ੍ਹਾਂ ਦੱਸਿਆ ਕਿ ਸਿਟੀ ਪੁਲੀਸ ਵੱਲੋ ਮੁਕੱਦਮਾ ਦਰਜ ਕਰਕੇ ਦੋਸ਼ੀ ਨੂੰ ਕਾਬੂ ਕਰਨ ਉਪਰੰਤ ਬਰਾਮਦਗੀ ਕੀਤੀ ਹੈ ਮੁਕੱਦਮਾ ਨੰਬਰ 139 ਮਿਤੀ 13.06.2022 ਜੁਰਮ 417,420,465 467, 471,472 ਭ.ਦ ਥੁਣਾ ਸਿਟੀ ਗੁਰਦਾਸਪੁਰ,ਦੋਸ਼ੀ ਦਵਿੰਦਰ ਸਿੰਘ ਪੁੱਤਰ ਸੁਖਦੇਵ ਸਿੰਘ ਵਾਸੀ ਪਿੰਡ ਕਿਰਜਾ ਜਾਨ ਥਸਣਸ ਕਿਲਾ ਲਾਲ ਸਿੰਘ ਨੂੰ 8 ਜਾਅਲੀ ਮੋਹਰਾ,11 ਤਿਆਰ ਸੈਟੀਫਿਕੇਟ ਵੱਖ- ਵੱਖ ਖੇਡਾ ਦੇ ਜੋ ਬੱਚਿਆਂ ਨੂੰ ਦੇਣੇ ਸਨ , 34 ਖਾਲੀ ਸਾਰਟੀਫਿਕੇਟ ਤਿਆਰ ਹੋਣ ਵਾਲ, 1 ਪ੍ਰਿੰਟਰ,1 ਲੈਪਟੇਪ ਕੰਪਨੀ ਲੈਲ ਅਤੇ 08 ਪੱਤੇ ਹੋਲੋਗ੍ਰੇਮ ਬਰਾਮਦ ਕੀਤੇ ਗਏ ਹਨ।

## ਰਸਤੇ 'ਚ ਹੀ ਐਂਬੂਲੈਂਸ 'ਚ ਆਕਸੀਜਨ ਖ਼ਤਮ, ਇਕ ਸਾਲ ਦੇ ਬੱਚੇ ਦੀ ਮੌਤ

**ਜੀਂਦ/ਲੋਕ ਬਾਣੀ**

ਹਰਿਆਣਾ ਦੇ ਜੀਂਦ 'ਚ ਇਕ ਬੱਚੇ ਦੀ ਅੱਜ ਯਾਨੀ ਬੁੱਧਵਾਰ ਨੂੰ ਰੋਹਤਕ ਦੇ ਪੀ.ਜੀ.ਆਈ. ਲਿਜਾਂਦੇ ਸਮੇਂ ਰਸਤੇ 'ਚ ਐਂਬੂਲੈਂਸ 'ਚ ਆਕਸੀਜਨ ਖ਼ਤਮ ਹੋਣ ਕਾਰਨ ਮੌਤ ਹੋ ਗਈ ਮਿਲੀ ਜਾਣਕਾਰੀ ਅਨੁਸਾਰ ਕ੍ਰਿਸ਼ਨਾ ਕਾਲੋਨੀ ਵਾਸੀ ਸੁਨੀਲ ਆਪਣੇ ਇਕ ਸਾਲ ਦੇ ਬੇਟੇ ਮਹੇਸ਼ ਨੂੰ ਸਾਹ ਦੀ ਪਰੇਸ਼ਾਨੀ ਕਾਰਨ ਇਲਾਜ ਲਈ ਜੀਂਦ ਦੇ ਨਾਗਰਿਕ ਹਸਪਤਾਲ ਲਿਆਏ ਸਨ ਡਾਕਟਰਾਂ ਨੇ ਮਹੇਸ਼ ਦੀ ਹਾਲਤ ਗੰਭੀਰ ਦੇਖਦੇ ਹੋਏ ਉਸ ਨੂੰ ਪੀ.ਜੀ.ਆਈ. ਰੋਹਤਕ ਰੈਫਰ ਕਰ ਦਿੱਤਾ ਸਿਹਤ ਵਿਭਾਗ ਵਲੋਂ ਬੱਚੇ ਨੂੰ ਪੀ.ਜੀ.ਆਈ. ਲਿਜਾਉਣ ਲਈ ਐਂਬੂਲੈਂਸ ਵੀ ਮੁਹੱਈਆ ਕਰਵਾਈ ਗਈ।

ਦੋਸ਼ ਹੈ ਕਿ ਐਂਬੂਲੈਂਸ 'ਚ ਕੋਈ ਐਮਰਜੈਂਸੀ ਮੈਡੀਕਲ ਟੈਕਨੀਸ਼ੀਅਨ (ਈ.ਐੱਮ.ਟੀ.) ਨਹੀਂ ਸੀ ਸੁਨੀਲ ਅਨੁਸਾਰ ਰਸਤੇ 'ਚ ਆਕਸੀਜਨ ਖ਼ਤਮ ਹੋ ਗਈ ਉਨ੍ਹਾਂ ਨੇ ਐਂਬੂਲੈਂਸ ਚਾਲਕ ਨੂੰ ਦੱਸਿਆ, ਜਿਸ ਨੇ ਆਪਣੇ ਪੱਧਰ @ਤੇ ਕੋਸ਼ਿਸ਼ ਕੀਤੀ ਪਰ ਕਾਮਯਾਬ ਨਹੀਂ ਹੋ ਸਕਿਆ ਅਤੇ ਇਸ ਦੌਰਾਨ ਬੱਚੇ ਦੀ ਮੌਤ ਹੋ ਗਈ ਸੁਨੀਲ ਆਪਣੇ ਬੱਚੇ ਨੂੰ ਲੈ ਕੇ ਵਾਪਸ ਨਾਗਰਿਕ ਹਸਪਤਾਲ ਆ ਗਿਆ ਅਤੇ ਐਮਰਜੈਂਸੀ ਦੇ ਬਾਹਰ ਖੜ੍ਹੇ ਹੋ ਕੇ ਰੋਸ ਜ਼ਾਹਰ ਕਰਦੇ ਹੋਏ ਸਿਹਤ ਅਧਿਕਾਰੀਆਂ ਨੂੰ ਸ਼ਿਕਾਇਤ ਦਿੱਤੀ ਨਾਗਰਿਕ ਹਸਪਤਾਲ ਰੈਫਰਲ ਸੇਵਾ ਦੇ ਨੋਡਲ ਅਧਿਕਾਰੀ ਡਾਕਟਰ ਜੈ ਕੁਮਾਰ ਮਾਨ ਨੇ ਦੱਸਿਆ ਕਿ ਮਾਮਲਾ ਨੋਟਿਸ 'ਚ ਆਉਣ ਤੋਂ ਬਾਅਦ ਜਾਂਚ ਦੇ ਆਦੇਸ਼ ਦਿੱਤੇ ਗਏ ਹਨ ਅਤੇ ਲਾਪਰਵਾਹੀ ਕਰਨ ਵਾਲਿਆਂ ਨੂੰ ਕਿਸੇ ਵੀ ਸੂਰਤ 'ਚ ਬਖ਼ਸ਼ਿਆ ਨਹੀਂ ਜਾਵੇਗਾ।

# ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦਾ ਪ੍ਰਕਾਸ਼ ਦਿਹਾੜਾ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ



**ਸੰਗਰੂਰ/ਲੋਕ ਬਾਣੀ**

ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਸਮੇਤ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।

ਸਮਾਗਮ ਦੌਰਾਨ ਸੰਬੋਧਨ ਕਰਦਿਆਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਸੰਗਤਾਂ ਨਾਲ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ ਉਨ੍ਹਾਂ ਕਿਹਾ ਕਿ ਛੇਵੇਂ ਪਾਤਸ਼ਾਹ ਜੀ ਨੇ ਗਵਾਲੀਅਰ ਦੇ ਕਿਲ੍ਹੇ 'ਚੋਂ ਰਿਹਾਈ ਸਮੇਂ 52 ਰਾਜਿਆਂ ਨੂੰ ਵੀ ਆਪਣੇ ਨਾਲ ਰਿਹਾਅ ਕਰਵਾਇਆ ਸੀ, ਇਸੇ ਕਰਕੇ ਗੁਰੂ ਸਾਹਿਬ ਨੂੰ ਬੰਦੀ ਛੋੜ ਦਾਤਾ ਕਿਹਾ ਜਾਂਦਾ ਹੈ ਉਨ੍ਹਾਂ ਕਿਹਾ ਕਿ ਅਜੋਕੇ ਸਮੇਂ ਬਹੁਤ ਸਾਰੇ ਸਿੱਖ ਦੇਸ਼ ਦੀਆਂ ਵੱਖ-ਵੱਖ ਜੇਲ੍ਹਾਂ ਵਿਚ ਬੰਦ ਹਨ, ਜੋ ਅਦਾਲਤਾਂ ਵੱਲੋਂ ਮਿਲੀਆਂ ਸਜ਼ਾਵਾਂ ਤੋਂ ਵੀ ਬਹੁਤ ਜਿਆਦਾ ਸਮਾਂ ਜੇਲ੍ਹ ਵਿਚ ਗੁਜਾਰ ਚੁੱਕੇ ਹਨ ਉਨ੍ਹਾਂ ਕਿਹਾ ਕਿ ਦੁੱਖ ਦੀ ਗੱਲ ਹੈ ਕਿ ਸਰਕਾਰਾਂ ਬਹੁ-ਗਿਣਤੀ ਦੀ ਵੋਟ ਰਾਜਨੀਤੀ ਕਾਰਨ ਇਨ੍ਹਾਂ ਬੰਦੀ ਸਿੰਘਾਂ ਨੂੰ ਰਿਹਾਅ ਨਹੀਂ ਕਰ ਰਹੀਆਂ ਇਨ੍ਹਾਂ ਬੰਦੀ ਸਿੰਘਾਂ ਨੂੰ ਰਿਹਾਅ ਕਰਵਾਉਣ ਲਈ ਸਿੱਖ ਸ਼ਕਤੀ ਨੂੰ ਇਕੱਠਿਆਂ ਕਰਨ ਦੀ ਲੋੜ ਹੈ ਉਨ੍ਹਾਂ ਕੌਮ ਨੂੰ ਇਕੱਠੇ ਹੋਣ ਦੀ ਅਪੀਲ ਕਰਦਿਆਂ ਕਿਹਾ ਕਿ ਜੇਕਰ ਅਸੀਂ ਇਕੱਲੇ ਇਕੱਲੇ ਰਹਾਂਗੇ, ਤਾਂ ਸਿੱਖ ਮਸਲਿਆਂ ਦਾ ਹੱਲ ਕਰਨਾ ਔਖਾ ਹੋਵੇਗਾ ਗਿਆਨੀ ਹਰਪ੍ਰੀਤ ਸਿੰਘ ਨੇ ਸੰਗਤਾਂ ਨੂੰ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ, ਗੁਰੂ ਸਾਹਿਬ ਜੀ ਦੇ ਉਪਦੇਸ਼ਾਂ 'ਤੇ ਚੱਲਣ ਦੀ ਪ੍ਰੇਰਣਾ ਕੀਤੀ ਇਸੇ ਦੌਰਾਨ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਵੀ ਸੰਗਤ ਨਾਲ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਸਕੱਤਰ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਸ. ਗੁਰਮੀਤ ਸਿੰਘ ਆਨਰੇਰੀ ਸਕੱਤਰ ਸ੍ਰੀ ਅਕਾਲ ਤਖ਼ਤ ਸਾਹਿਬ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਇੰਚਾਰਜ ਸ. ਸੁਖਬੀਰ ਸਿੰਘ, ਮੈਨੇਜਰ ਸ. ਬਘੇਲ ਸਿੰਘ, ਸ. ਸੁਖਰਾਜ ਸਿੰਘ, ਸ. ਸਤਨਾਮ ਸਿੰਘ ਮਾਂਗਾਸਰਾਏ, ਸ. ਨਰਿੰਦਰ ਸਿੰਘ, ਸ. ਜਸਪਾਲ ਸਿੰਘ ਢੱਡੇ, ਸ. ਰਣਜੀਤ ਸਿੰਘ ਅਤੇ ਸੰਗਤਾਂ ਹਾਜ਼ਰ ਸਨ।

# ਮਾਨਾਂਵਾਲਾ ਰੇਲਵੇ ਸਟੇਸ਼ਨ 'ਤੇ ਪਟੜੀ ਤੋਂ ਉਤਰੀ ਮਾਲ ਗੱਡੀ, ਅੰਮ੍ਰਿਤਸਰ-ਨਵੀਂ ਦਿੱਲੀ ਰੇਲ ਮਾਰਗ ਪੂਰੀ ਤਰ੍ਹਾਂ ਠੱਪ

**ਅੰਮ੍ਰਿਤਸਰ/ਲੋਕ ਬਾਣੀ**

ਅੰਮ੍ਰਿਤਸਰ ਰੇਲਵੇ ਸਟੇਸ਼ਨ @ਤੇ ਉਸ ਵੇਲੇ ਹਫੜਾ-ਦਫੜੀ ਮਚ ਗਈ ਜਦੋਂ ਇਹ ਪਤਾ ਲੱਗਾ ਕਿ ਅੰਮ੍ਰਿਤਸਰ-ਬਿਆਸ ਦੇ ਵਿਚਕਾਰ ਮਾਨਾਂਵਾਲਾ ਰੇਲਵੇ ਸਟੇਸ਼ਨ @ਤੇ ਇਕ ਮਾਲ ਗੱਡੀ ਪਟੜੀ ਤੋਂ ਉਤਰ ਗਈ ਮਾਲ ਗੱਡੀ ਦੇ



ਪਟੜੀ ਤੋਂ ਉਤਰਨ ਕਾਰਨ ਅੰਮ੍ਰਿਤਸਰ-ਨਵੀਂ ਦਿੱਲੀ ਰੇਲ ਮਾਰਗ ਪੂਰੀ ਤਰ੍ਹਾਂ ਠੱਪ ਹੋ ਗਿਆ ਹੈ ਬਿਆਸ ਰੇਲਵੇ ਸਟੇਸ਼ਨ ਤੋਂ ਅੱਗੇ ਨਾ ਤਾਂ ਰੇਲ ਗੱਡੀਆਂ ਆ ਸਕਦੀਆਂ ਹਨ ਤੇ ਨਾ ਹੀ ਅੰਮ੍ਰਿਤਸਰ ਰੇਲਵੇ ਸਟੇਸ਼ਨ ਤੋਂ ਜਾਣ ਵਾਲੀਆਂ ਰੇਲ ਗੱਡੀਆਂ ਆਪਣੀ ਮੰਜ਼ਿਲ ਲਈ ਰਵਾਨਾ ਹੋ ਸਕਦੀਆਂ ਹਨ ਅੰਮ੍ਰਿਤਸਰ ਦੇ ਸਟੇਸ਼ਨ ਸੁਪਰਡੈਂਟ ਨੇ ਕਿਹਾ ਕਿ ਜਦੋਂ ਤੱਕ ਮਾਨਾਂਵਾਲਾ ਰੇਲਵੇ ਸਟੇਸ਼ਨ @ਤੇ ਪਟੜੀ ਤੋਂ ਉਤਰੀ ਮਾਲ ਗੱਡੀ ਪਟੜੀ @ਤੇ ਨਹੀਂ ਆਉਂਦੀ, ਉਦੋਂ ਤੱਕ ਰੇਲ ਆਵਾਜਾਈ ਨਹੀਂ ਖੁੱਲ੍ਹ ਸਕੇਗੀ।

ਉਨ੍ਹਾਂ ਦੱਸਿਆ ਕਿ ਉੱਤਰੀ ਰੇਲਵੇ ਦੀ ਵੀ.ਵੀ.ਆਈ.ਪੀ. ਰੇਲ ਕਹੀ ਜਾ ਵਾਲੀ ਰੇਲ ਗੱਡੀ ਸ਼ਤਾਬਦੀ ਐਕਸਪ੍ਰੈੱਸ, ਜੋ ਇਸ ਸਮੇਂ ਅੰਮ੍ਰਿਤਸਰ ਰੇਲਵੇ ਸਟੇਸ਼ਨ 'ਤੇ ਪਹੁੰਚ ਜਾਂਦੀ ਹੈ, ਵੀ ਅਜੇ ਬਿਆਸ ਰੇਲਵੇ ਸਟੇਸ਼ਨ 'ਤੇ ਹੀ ਖੜ੍ਹੀ ਹੈ ਦੂਜੇ ਪਾਸੇ ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਰੇਲਵੇ ਸਟੇਸ਼ਨ ਤੋਂ ਰਵਾਨਾ ਹੋਣ ਵਾਲੀ ਹਰਿਦੁਆਰ ਐਕਸਪ੍ਰੈੱਸ ਅਤੇ ਜਲੰਧਰ ਜਾਣ ਵਾਲੀ ਡੀ.ਐੱਮ.ਯੂ. ਟ੍ਰੇਨ ਅੰਮ੍ਰਿਤਸਰ ਸਟੇਸ਼ਨ 'ਤੇ ਹੀ ਖੜ੍ਹੀ ਸੀ ਰੇਲ ਆਵਾਜਾਈ ਵਿੱਚ ਵਿਘਨ ਪੈਣ ਕਾਰਨ ਇਹ ਦੋਵੇਂ ਟ੍ਰੇਨਾਂ ਆਪਣੀ ਮੰਜ਼ਿਲ ਵੱਲ ਰਵਾਨਾ ਨਹੀਂ ਹੋ ਸਕੀਆਂ ਖ਼ਬਰ ਲਿਖੇ ਜਾਣ ਤੱਕ ਰੇਲਵੇ ਅਧਿਕਾਰੀ ਅਤੇ ਕਰਮਚਾਰੀ ਮੌਕੇ @ਤੇ ਪਹੁੰਚ ਚੁੱਕੇ ਸਨ ਅਤੇ ਰਾਹਤ ਕਾਰਜ ਸ਼ੁਰੂ ਕਰ ਦਿੱਤੇ ਗਏ ਸਨ।

# ਪੰਜਾਬ ਸਰਕਾਰ ਵੱਲੋਂ ਨਾਜਾਇਜ਼ ਕਾਲੋਨੀਆਂ ਨੂੰ ਸਖ਼ਤੀ ਨਾਲ ਨੱਥ ਪਾਉਣ ਦਾ ਫੈਸਲਾ

**ਚੰਡੀਗੜ੍ਹ/ਲੋਕ ਬਾਣੀ**

ਪਲਾਟਾਂ ਦੀ ਰਜਿਸਟ੍ਰੇਸ਼ਨ ਨੂੰ ਸੁਚਾਰੂ ਬਣਾਉਣ ਅਤੇ ਜਾਇਦਾਦ ਨਾਲ ਸਬੰਧਤ ਧੋਖਾਧੜੀ ਤੋਂ ਲੋਕਾਂ ਨੂੰ ਬਚਾਉਣ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਗ਼ੈਰ-ਕਾਨੂੰਨੀ/ਅਣਅਧਿਕਾਰਤ ਕਾਲੋਨੀਆਂ ਵਿੱਚ ਪਲਾਟਾਂ ਦੀ ਰਜਿਸਟ੍ਰੇਸ਼ਨ ਸਬੰਧੀ ਸਬ-ਰਜਿਸਟਰਾਰਾਂ ਨੂੰ ਸਪੱਸ਼ਟ ਹਦਾਇਤਾਂ ਜਾਰੀ ਕੀਤੀਆਂ ਹਨ।



ਮਕਾਨ ਉਸਾਰੀ ਤੇ ਸ਼ਹਿਰੀ ਵਿਕਾਸ ਅਤੇ ਸਥਾਨਕ ਸਰਕਾਰਾਂ ਵਿਭਾਗਾਂ ਨੂੰ ਕਿਹਾ ਗਿਆ ਹੈ ਕਿ ਉਹ ਖੇਤਰ ਦੇ ਵੇਰਵਿਆਂ, ਖਸਰਾ ਨੰਬਰਾਂ ਅਤੇ ਪ੍ਰਵਾਨਿਤ ਲੇਅ-ਆਊਟ ਯੋਜਨਾ ਦੇ ਨਾਲ-ਨਾਲ ਲਾਇਸੰਸਸ਼ੁਦਾ/ਅਧਿਕਾਰਤ ਕਾਲੋਨੀਆਂ/ਸਕੀਮਾਂ ਦੀਆਂ ਸੂਚੀਆਂ ਪ੍ਰਕਾਸ਼ਿਤ ਕਰਨ ਤਾਂ ਜੋ ਅਜਿਹਾ ਖੇਤਰ ਸਪੱਸ਼ਟ ਤੌਰ 'ਤੇ ਪਰਿਭਾਸ਼ਿਤ ਕੀਤਾ ਜਾ ਸਕੇ ਜਿੱਥੇ ਸੇਲ ਡੀਡ ਜਾਂ ਅਧਿਕਾਰਾਂ ਦੇ ਤਬਾਦਲੇ ਨਾਲ ਸਬੰਧਤ ਦਸਤਾਵੇਜ਼ਾਂ ਦੀ ਰਜਿਸਟ੍ਰੇਸ਼ਨ ਲਈ ਐਨ.ਓ.ਸੀ. ਦੀ ਲੋੜ ਨਹੀਂ ਹੈ ਇਹ ਸੂਚੀਆਂ ਸਾਰੇ ਸਬ ਰਜਿਸਟਰਾਰਾਂ ਕੋਲ ਉਪਲਬਧ ਹੋਣਗੀਆਂ ਅਤੇ ਉਹ ਮਾਲ ਵਿਭਾਗ ਵੱਲੋਂ ਜਾਰੀ ਹਦਾਇਤਾਂ ਅਨੁਸਾਰ ਕਾਲੋਨੀਆਂ ਦੀ ਸਥਿਤੀ ਦੀ ਜਾਂਚ ਕਰਨ ਤੋਂ ਬਾਅਦ ਸੇਲ ਡੀਡਜ਼ ਨੂੰ ਰਜਿਸਟਰ ਕਰਨਗੇ ।

ਇਹ ਫੈਸਲਾ ਮੁੱਖ ਮੰਤਰੀ ਵੱਲੋਂ ਆਨਲਾਈਨ ਪੋਰਟਲ "https://grcs.punjab.gov.in" ਦੀ ਸ਼ੁਰੂਆਤ ਕਰਨ ਤੋਂ ਕੁਝ ਦਿਨ ਬਾਅਦ ਆਇਆ ਹੈ ਜਿਸ ਵਿੱਚ ਨਾਗਰਿਕ ਪਲਾਟਾਂ ਦੇ ਕਬਜ਼ੇ ਨਾਲ ਸਬੰਧਤ ਸ਼ਿਕਾਇਤਾਂ ਦਰਜ ਕਰਵਾ ਸਕਦੇ ਹਨ ਇਹ ਵਿਲੱਖਣ ਆਨਲਾਈਨ ਪੋਰਟਲ ਜਾਇਦਾਦ ਦੇ ਕਬਜ਼ੇ ਸਬੰਧੀ ਪ੍ਰਕਿਰਿਆ ਨੂੰ ਤੇਜ਼ ਕਰਨ ਦੇ ਨਾਲ-ਨਾਲ ਸੁਚੱਜੇ ਢੰਗ ਨਾਲ ਜਾਇਦਾਦ ਦੇ ਕਬਜ਼ੇ ਸਬੰਧੀ ਸੇਵਾਵਾਂ ਪ੍ਰਦਾਨ ਕਰੇਗਾ ।

ਇਸ ਤੋਂ ਪਹਿਲਾਂ ਸਰਕਾਰ ਵੱਲੋਂ ਕੋਈ ਸਪੱਸ਼ਟ ਹਦਾਇਤਾਂ ਨਹੀਂ ਦਿੱਤੀਆਂ ਗਈਆਂ ਸਨ, ਜਿਸ ਕਾਰਨ ਸ਼ਹਿਰਾਂ ਦੇ ਬਾਹਰਵਾਰ ਇਹ ਨਾਜਾਇਜ਼ ਕਾਲੋਨੀਆਂ ਹੋਂਦ ਵਿੱਚ ਆਈਆਂ ਜਾਣਕਾਰੀ ਅਨੁਸਾਰ ਪਿਛਲੇ 5 ਸਾਲਾਂ ਵਿੱਚ 15 ਹਜ਼ਾਰ ਤੋਂ ਵੱਧ ਕਲੋਨੀਆਂ ਦੀ ਉਸਾਰੀ ਹੋਈ ਹੈ ।

ਪੰਜਾਬ ਦੇ ਨਾਗਰਿਕਾਂ ਨੂੰ ਇਨ੍ਹਾਂ ਗ਼ੈਰ-ਕਾਨੂੰਨੀ/ਅਣ-ਅਧਿਕਾਰਤ ਕਾਲੋਨੀਆਂ ਵਿੱਚ ਜਾਇਦਾਦਾਂ ਦਾ ਕਬਜ਼ਾ ਲੈਣ ਲਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ, ਜਿੱਥੇ ਜਾਂ ਤਾਂ ਸਬੰਧਤ ਡਿਵੈਲਪਰਾਂ/ਕਾਲੋਨਾਈਜ਼ਰਾਂ/ਅਥਾਰਟੀਜ਼ ਵੱਲੋਂ ਅਲਾਟਮੈਂਟ ਪੱਤਰ ਜਾਰੀ ਕੀਤੇ ਜਾ ਚੁੱਕੇ ਸਨ ਜਾਂ ਡੀਡਜ਼ ਰਜਿਸਟਰਡ ਹੋ ਗਈਆਂ ਸਨ ਪਰ ਉਹ ਕਿਸੇ ਨਾ ਕਿਸੇ ਕਾਰਨ ਕਰਕੇ ਜਾਇਦਾਦ ਦਾ ਕਬਜ਼ਾ ਨਹੀਂ ਲੈ ਪਾ ਰਹੇ ਸਨ ।

ਪੰਜਾਬ ਦੇ ਮਾਲ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਇਹ ਗ਼ੈਰ-ਕਾਨੂੰਨੀ ਕਾਲੋਨੀਆਂ ਨਾ ਸਿਰਫ ਸੂਬੇ ਦੇ ਬੇਢੰਗੇ ਸ਼ਹਿਰੀਕਰਨ ਦਾ ਕਾਰਨ ਬਣ ਰਹੀਆਂ ਹਨ, ਸਗੋਂ ਆਮ ਲੋਕਾਂ ਨੂੰ ਬਹੁਤ ਸਾਰੀਆਂ ਮੁਸ਼ਕਲਾਂ ਦਾ ਕਾਰਨ ਵੀ ਬਣ ਰਹੀਆਂ ਹਨ ਉਨ੍ਹਾਂ ਕਿਹਾ ਕਿ ਪਲਾਟਾਂ ਦੀ ਖ਼ਰੀਦ ਕਰਨ ਲਈ ਲੋਕਾਂ ਨੇ ਆਪਣੀ ਜ਼ਿੰਦਗੀ ਭਰ ਦੀ ਕਮਾਈ ਲਗਾ ਦਿੱਤੀ ਅਤੇ ਉਨ੍ਹਾਂ ਨੂੰ ਇਨ੍ਹਾਂ ਗ਼ੈਰ-ਕਾਨੂੰਨੀ ਕਾਲੋਨੀਆਂ ਵਿੱਚ ਕਬਜ਼ਾ ਤੱਕ ਨਹੀਂ ਮਿਲਦਾ ਕਿਉਂਕਿ ਕਾਲੋਨਾਈਜ਼ਰ ਇਨ੍ਹਾਂ ਕਾਲੋਨੀਆਂ ਵਿੱਚ 'ਰਸਤੇ' ਵੀ ਵੇਚ ਦਿੰਦੇ ਹਨ ਉਨ੍ਹਾਂ ਕਿਹਾ ਕਿ ਇਨ੍ਹਾਂ ਕਾਲੋਨੀਆਂ ਵਿੱਚ ਜਲ ਸਪਲਾਈ, ਸੀਵਰੇਜ, ਬਿਜਲੀ ਆਦਿ ਵਰਗੀਆਂ ਬੁਨਿਆਦੀ ਸਹੂਲਤਾਂ ਦੀ ਵੀ ਘਾਟ ਹੈ ।

ਮੰਤਰੀ ਨੇ ਕਿਹਾ ਕਿ ਹੁਣ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਇਸ ਸਮੱਸਿਆ ਨਾਲ ਸਖ਼ਤੀ ਨਾਲ ਨਜਿੱਠਣ ਦਾ ਫੈਸਲਾ ਕੀਤਾ ਹੈ ਅਤੇ ਇਸ ਸਬੰਧੀ ਇਹ ਦੋ ਵੱਡੇ ਫੈਸਲੇ ਲਏ ਗਏ ਹਨ ।

ਵਧੀਕ ਮੁੱਖ ਸਕੱਤਰ-ਕਮ-ਵਿੱਤ ਕਮਿਸ਼ਨਰ ਮਾਲ ਸ੍ਰੀ ਅਨੁਰਾਗ ਅਗਰਵਾਲ ਨੇ ਦੱਸਿਆ ਕਿ ਪੋਰਟਲ 'ਤੇ ਪ੍ਰਾਪਤ ਅਰਜ਼ੀਆਂ ਦੀ ਪੜਚੋਲ ਕਰਨ ਅਤੇ ਲੋੜ ਅਨੁਸਾਰ ਅਰਜ਼ੀਆਂ' ਤੇ ਕਾਰਵਾਈ ਲਈ ਇੱਕ ਸਮਰਪਿਤ ਸੈੱਲ ਸਥਾਪਤ ਕੀਤਾ ਗਿਆ ਹੈ ਉਨ੍ਹਾਂ ਕਿਹਾ ਕਿ ਹਰੇਕ ਅਰਜ਼ੀ ਦੀ ਸਥਿਤੀ ਪੋਰਟਲ 'ਤੇ ਅਪਡੇਟ ਕੀਤੀ ਜਾਵੇਗੀ ਅਤੇ ਸਬੰਧਤ ਵਿਅਕਤੀ ਸਥਿਤੀ ਜਾਣਨ ਲਈ ਪੋਰਟਲ 'ਤੇ ਆਪਣੀ ਅਰਜ਼ੀ ਨੂੰ ਟਰੈਕ ਵੀ ਕਰ ਸਕਦਾ ਹੈ।

# ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਖੂਨ ਦਾਨ ਕੈਂਪ ਲਗਾ ਕੇ ਮਨਾਇਆ ਅੰਤਰਰਾਸ਼ਟਰੀ ਬਲੱਡ ਡੋਨਰਜ਼ ਦਿਵਸ



ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ, ਬਲੱਡ ਸੇਵਾ ਅਤੇ ਆਈ.ਐਸ.ਬੀ.ਟੀ. ਦੇ ਸਾਂਝੇ ਉਪਰਾਲੇ ਸਦਕਾ ਅੰਤਰਰਾਸ਼ਟਰੀ ਡੋਨਰਜ਼ ਦਿਵਸ ਦੇ ਸਬੰਧ ‘ਚ ਇਕ ਖੂਨ ਦਾਨ ਕੈਂਪ ਲਗਾਇਆ ਗਿਆ ਕੈਂਪ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਇਹ ਕੈਂਪ ਸਿੱਧੂ ਮੂਸੇਵਾਲਾ ਅਤੇ ਲੇਹ ਲੱਦਾਖ ਦੇ ਸ਼ਹੀਦਾਂ ਨੂੰ ਸਮਰਪਿਤ ਸੀ ਜਿਸਦਾ ਉਦਘਾਟਨ ਏ.ਡੀ.ਸੀ. ਫਗਵਾੜਾ ਡਾ. ਨਯਨ ਜੱਸਲ ਵਲੋਂ ਕੀਤਾ ਗਿਆ ਉਹਨਾਂ ਕਿਹਾ ਕਿ ਖੂਨਦਾਨ ਕਰਨ ਨਾਲ ਜਿੱਥੇ ਬਹੁਤ ਸਾਰੇ ਮਰੀਜਾਂ ਦੀ ਜਾਨ ਬਚਾਈ ਜਾ ਸਕਦੀ ਹੈ ਉੱਥੇ ਹੀ ਨਿਯਮਿਤ ਅੰਤਰਾਲ ਤੋਂ ਬਾਅਦ ਖੂਨਦਾਨ ਕਰਨ ਨਾਲ ਦਾਨੀ ਦੀ ਸਿਹਤ ਵੀ ਚੰਗੀ ਬਣੀ ਰਹਿੰਦੀ ਹੈ ਉਹਨਾਂ ਪੰਜਾਬ ਏਡਜ ਕੰਟਰੋਲ ਸੁਸਾਇਟੀ ਚੰਡੀਗੜ੍ਹ ਵਲੋਂ ਭੇਜੀ ਨੌਜਵਾਨ ਨੂੰ ਆਪਣਾ ਖੂਨ ਦਾਨ ਕਰਨ ਅਤੇ ਹੋਰਨਾਂ ਨੂੰ ਵੀ ਅਜਿਹਾ ਕਰਨ ਲਈ ਪ੍ਰੇਰਣ ਸਬੰਧੀ ਸਹੁੰ ਵੀ ਚੁਕਵਾਈ ਆਈ.ਐਸ.ਬੀ.ਟੀ. ਪੰਜਾਬ ਦੇ ਜਨਰਲ ਸਕੱਤਰ ਐਮ.ਪੀ. ਸਿੰਘ ਨੇ ਕੈਂਪ ਦੇ ਥੀਮ ਬਾਰੇ ਚਾਨਣਾ ਪਾਇਆ ਅਤੇ ਕਿਹਾ ਕਿ ਖੂਨਦਾਨ ਕਰਨਾ ਏਕਤਾ ਦਾ ਕੰਮ ਹੈ, ਆਓ ਇਸ ਕੋਸ਼ਿਸ਼ ਵਿਚ ਸ਼ਾਮਲ ਹੋਈਏ ਅਤੇ ਜ਼ਿੰਦਗੀਆਂ ਬਚਾਈਏ ਸਮਾਗਮ ਦੌਰਾਨ ਜਿਹਨਾਂ ਖੂਨ ਦਾਨੀਆਂ ਨੇ ਪਿਛਲੇ ਇਕ ਸਾਲ ਦੌਰਾਨ ਹੋਰਨਾਂ ਨੂੰ ਖੂਨਦਾਨ ਕਰਨ ਲਈ ਪ੍ਰੇਰਿਆ ਅਤੇ ਬੱਲਡ ਬੈਂਕ ਵਿਚ ਕੈਂਪ ਲਗਾਏ ਉਹਨਾਂ ਨੂੰ ਬੈਸਟ ਮੋਟੀਵੇਟਰ ਅਵਾਰਡ ਨਾਲ ਸਨਮਾਨਤ ਕੀਤਾ ਗਿਆ ਇਹ ਅਵਾਰਡ ਪ੍ਰਾਪਤ ਕਰਨ ਵਾਲਿਆਂ ‘ਚ ਫਗਵਾੜਾ ਬਲੱਡ ਸੇਵਾ ਦੇ ਪ੍ਰਧਾਨ ਸਨੀ ਬੱਧਣ, ਹੈਲਪਿੰਗ ਹੈਂਡਜ ਦੇ ਪ੍ਰਧਾਨ ਮਨੂੰ ਬਾਂਗਾ, ਸ਼ਿਵ ਸ਼ਕਤੀ ਬਲੱਡ ਸੇਵਾ ਸੁਸਾਇਟੀ ਦੇ ਪ੍ਰਧਾਨ ਅਮਿਤ ਵਰਮਾ ਅਤੇ ਸਮਾਜ ਸੇਵਕ ਹਰਦੀਪ ਭਾਟੀਆ ਸ਼ਾਮਲ ਸਨ ਰਘਬੋਤਰਾ ਨੇ ਦੱਸਿਆ ਕਿ ਇਸ ਖੂਨਦਾਨ ਕੈਂਪ ‘ਚ 80 ਨੌਜਵਾਨਾਂ ਨੇ ਖੂਨਦਾਨ ਕੀਤਾ ਕੈਂਪ ਨੂੰ ਸਫਲ ਬਨਾਉਣ ਵਿਚ ਵਿਕਾਸ ਕੁਮਾਰ, ਗੌਰਵ ਭਾਟੀਆ, ਗੋਪੀ ਢਿੱਲੋਂ, ਯਤਿਨ ਨੀਕੂ ਸਿੰਘ, ਮਨੀਸ਼ ਤੇ ਰਮਨ ਦਾ ਵਿਸ਼ੇਸ਼ ਸਹਿਯੋਗ ਰਿਹਾ ਇਸ ਮੌਕੇ ਐਨ.ਆਰ.ਆਈ. ਸਤਪਾਲ ਵਰਮਾ, ਮੋਹਨ ਲਾਲ ਤਨੇਜਾ, ਕ੍ਰਿਸ਼ਨ ਕੁਮਾਰ, ਤਾਰਾ ਚੰਦ ਚੁੰਬਰ, ਵਿਸ਼ਵਾ ਮਿੱਤਰ ਸ਼ਰਮਾ, ਗੁਲਾਬ ਸਿੰਘ, ਰਾਜਪੁਾਲ ਨਹਿਰਾ, ਵਿਜੇ ਕੁਮਾਰ, ਮਨੋਜ ਟੰਡਨ, ਰਮਨ ਛਾਬੜਾ ਤੋਂ ਇਲਾਵਾ ਬਲੱਡ ਬੈਂਕ ਦਾ ਸਮੂਹ ਸਟਾਫ ਹਾਜਰ ਸੀ।

# ਨਹਿਰ ਨੂੰ ਪੱਕਾ ਕਰਨ ਦੇ ਵਿਰੋਧ ’ਚ ਲਾਇਆ ਧਰਨਾ 22 ਵੇਂ ਦਿਨ ਵੀ ਜਾਰੀ



ਕੰਢੀ ਕਨਾਲ ਨਹਿਰ ਨੂੰ ਹੇਠੋਂ ਪੱਕਾ ਕਰਨ ਦੇ ਵਿਰੋਧ ਵਿਚ ਮਸਤੀਵਾਲ ਵਿਖੇ ਇਲਾਕੇ ਦੀਆਂ ਕਿਸਾਨ,ਸਮਾਜਿਕ ਜਥੇਬੰਦੀਆਂ ਵਲੋਂ ਲਗਾਇਆ ਧਰਨਾ 22ਵੇਂ ਦਿਨ ਵੀ ਜਾਰੀ ਰਿਹਾ। ਇਸ ਮੌਕੇ ਬਲਦਿਆਂ ਮਨਜੋਤ ਸਿੰਘ ਤਲਵੰਡੀ, ਜੰਗਵੀਰ ਸਿੰਘ ਚੌਹਾਨ, ਨਵੀਂ ਅਟਵਾਲ ਤੇ ਹੋਰ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਆਪਣੇ ਕੰਨ ਬੰਦ ਕਰਕੇ ਬੈਠੀ ਹੈ ਤੇ ਕੰਢੀ ਦੇ ਆਮ ਲੋਕਾਂ ਦੀ ਮੰਗ ਨੂੰ ਪੂਰਾ ਕਰਨ ‘ਚ ਦੇਰੀ ਲਗਾ ਰਹੀ ਹੈ ਉਨ੍ਹਾਂ ਕਿਹਾ ਕਿ ਜਥੇਬੰਦੀਆਂ ਵੱਲੋਂ ਵੱਡੇ ਪੱਧਰ ਦੇ ਸੰਘਰਸ਼ ਦੀ ਯੋਜਨਾ ਉਲੀਕੀ ਜਾ ਰਹੀ ਹੈ ਤੇ ਜੇਕਰ ਜਲਦ ਹੀ ਪੰਜਾਬ ਸਰਕਾਰ ਨੇ ਸਾਡੀ ਮੰਗ ਨੂੰ ਪੂਰਾ ਨਾ ਕੀਤਾ ਤਾਂ ਵੱਡੇ ਪੱਧਰ ਤੇ ਐਕਸ਼ਨ ਲਿਆ ਜਾਵੇਗਾ ਤੇ ਇਸ ਦੀ ਜ਼ਿੰਮੇਵਾਰ ਪੰਜਾਬ ਸਰਕਾਰ ਦੀ ਹੋਵੇਗੀ ਉਨ੍ਹਾਂ ਕਿਹਾ ਕਿ ਲੋਕਾਂ ਦੀ ਬੁਨਿਆਦੀ ਮੰਗ ਨੂੰ ਅੱਖ- ਪਰਖੇ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇੰਨਾ ਲੰਮਾ ਸਮਾਂ ਬੀਤ ਜਾਣ ‘ਤੇ ਵੀ ਪੰਜਾਬ ਸਰਕਾਰ ਚੁੱਪ ਬੈਠੀ ਹੈ ਕੰਢੀ ਇਲਾਕੇ ਦੇ ਲੋਕਾਂ ਨੂੰ ਪਾਣੀ ਦੇ ਮਸਲੇ ‘ਤੇ ਰਾਹਤ ਦੇਣ ਦੀ ਬਜਾਏ ਪੰਜਾਬ ਸਰਕਾਰ ਤੇ ਸਬੰਧਿਤ ਵਿਭਾਗ ਉਨ੍ਹਾਂ ਤੋਂ ਪਾਣੀ ਖੋ ਰਿਹਾ ਹੈ,ਜਿਸ ਨਾਲ ਪੰਜਾਬ ਸਰਕਾਰ ਦਾ ਦੋਗਲਾ ਚਿਹਰਾ ਸਾਹਮਣੇ ਆ ਰਿਹਾ ਹੈ ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਸਰਕਾਰ ਤੇ ਸਬੰਧਿਤ ਵਿਭਾਗ ਨਹਿਰੀ ਪਾਣੀ ਦੇ ਮਸਲੇ ‘ਤੇ ਚੁੱਪ ਧਾਰ ਕੇ ਬੈਠੇ ਹਨ ਅਤੇ ਲੋਕਾਂ ਦੇ ਮਨਾਂ ‘ਚ ਪੰਜਾਬ ਸਰਕਾਰ ਪ੍ਰਤੀ ਰੋਸ ਵੱਧਦਾ ਜਾ ਰਿਹਾ ਹੈ ਇਸ ਮੌਕੇ ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਤੇ ਸਬੰਧਿਤ ਵਿਭਾਗ ਵੱਲੋਂ ਕਈ ਹੱਲ ਨਾ ਕੱਢਿਆ ਗਿਆ ਤਾਂ ਆਉਣ ਵਾਲੇ ਸਮੇਂ ▼ਚ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।

# ਬੋਨ ਮਿਨਰਲ ਡੈਨਸਿਟੀ ਫ੍ਰੀ ਚੈਕਅਪ ਕੈਂਪ ਵਿੱਚ 300 ਤੋਂ ਜਿਆਦਾ ਮਰੀਜ਼ਾਂ ਨੂੰ ਚੈੱਕ ਕੀਤਾ : ਡਾ ਐਮ ਜਮੀਲ ਬਾਲੀ



**ਹੁਸ਼ਿਆਰਪੁਰ/ਲੋਕ ਬਾਣੀ**

ਅਲਾਇੰਸ ਕਲੱਬ ਹੁਸ਼ਿਆਰਪੁਰ ਵੱਲੋਂ “ਬੋਨ ਮਿਨਰਲ ਡੈਨਸਿਟੀ ਫ੍ਰੀ ਚੈਕਅਪ ਕੈਂਪ ਬਾਲੀ ਹਸਪਤਾਲ, ਮਾਡਲ ਟਾਊਨ ਵਿਖੇ ਲਗਾਇਆ ਜਿਸ ਦੇ ਮੁੱਖ ਮਹਿਮਾਨ ਰਾਜੇਸ਼ ਦਿਆਲ ਅਤੇ ਅਜੈ ਮੋਹਨ ਬੱਬੀ ਸਾਬਕਾ ਪ੍ਰਧਾਨ ਮਿਊਂਸੀਪਲ ਕਮੇਟੀ ਹੁਸ਼ਿਆਰਪੁਰ ਸਨ ਕੈਂਪ ਦੀ ਮੈਨੇਜਮੈਂਟ ਐਲੀ ਪੁਸ਼ਪਿੰਦਰ ਸ਼ਰਮਾ ਨੇ ਹੈਲਥ ਕਮੇਟੀ ਚੇਅਰਮੈਨ ਡਾ.ਐਮ.ਜਮੀਲ ਬਾਲੀ ਦੀ ਦੇਖ ਰੇਖ ਹੇਠ ਕੀਤੀ ਇਸ ਮੌਕੇ ਤੇ ਉੱਘੇ ਸਮਾਜ ਸੇਵਕ ਮੋਹਨ ਲਾਲ ਪਹਿਲਵਾਨ, ਸੰਜੀਵ ਤਲਵਾੜ, ਵਿਵੇਕ ਸਾਹਨੀ ਅਤੇ ਰਾਜੇਸ਼ਵਰ ਦਿਆਲ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ।“ਬੋਨ ਮਿਨਰਲ ਡੈਨਸਿਟੀ ਕੈਂਪ ਦੀ ਮੈਡੀਕਲ ਟੀਮ ਵਿੱਚ ਨਿਤਿਸ਼ ਕੁਮਾਰ, ਡਾ.ਮੁਹੰਮਦ ਸਲੀਮ ਅਤੇ ਨਰਸਿੰਗ ਅਫਸਰ ਸ਼ਰਨਜੀਤ ਕੌਰ ਸਨ ਇਸ ਕੈਂਪ ਵਿੱਚ 21 ਸਾਲ ਤੋਂ ਵੱਧ ਉਮਰ ਦੇ ਵਿਅਕਤੀਆਂ ਦਾ ਚੈਕਅਪ ਕੀਤਾ ਗਿਆ ਇਸ ਮੌਕੇ ਤੇ ਰਾਜੇਸ਼ ਦਿਆਲ ਅਤੇ ਅਜੈ ਮੋਹਨ ਬੱਬੀ ਨੇ ਦੱਸਿਆ ਕਿ ਕੈਬੀਨੇਟ ਮੰਤਰੀ ਜਿੰਪਾ ਕੁਝ ਜ਼ਰੂਰੀ ਰੁਝੇਵਿਆਂ ਕਾਰਨ ਆਪ ਹਾਜ਼ਰ ਨਹੀ ਹੋ ਸਕੇ ਪਰ ਉਨਾਂ ਨੇ ਡਾ. ਐਮ. ਜਮੀਲ ਬਾਲੀ ਅਤੇ ਉਨਾਂ ਦੀ ਟੀਮ ਵਲੋਂ ਸਿਹਤ ਸੇਵਾਵਾਂ ਅਤੇ ਸਮਾਜਿਕ ਪਰਿਵਰਤਨ ਲਈ ਕੀਤੇ ਜਾ ਰਹੇ ਕੰਮਾਂ ਲਈ ਮੁਬਾਰਕਬਾਦ ਦਿੱਤੀ ਇਲਾਕੇ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਦੇ ਅਭਿਆਨ ਲਈ ਅਲਾਇੰਸ ਕਲੱਬ ਹੁਸ਼ਿਆਰਪੁਰ ਲਗਾਤਾਰ ਕਾਰਜਸ਼ੀਲ ਹੈ ਇਸ ਕੈਂਪ ਵਿੱਚ 300 ਤੋਂ ਵੱਧ ਵਿਅਕਤੀਆਂ ਦੀ “ਬੋਨ ਮਿਨਰਲ ਡੈਨਸਿਟੀ ਟੈਸਟ ਕੀਤਾ ਗਿਆ ਮੁੱਖ ਮਹਿਮਾਨ ਵਲੋਂ ਰਿਬਨ ਕੱਟਣ ਦੀ ਰਸਮ ਉਪਰੰਤ ਟੈਕਨੀਕਲ ਟੀਮ ਵਲੋਂ ਮਰੀਜ਼ਾਂ ਦਾ ਚੈਕਅਪ ਕੀਤਾ ਗਿਆ ਇਸ ਕੈਂਪ ਵਿੱਚ ਅਲਾਇੰਸ ਕਲੱਬ ਦੇ ਐਲੀ ਰਮੇਸ਼ ਕੁਮਾਰ ਦੇ ਨਾਲ ਜੇ.ਬੀ.ਬਹਿਲ, ਰਜਿੰਦਰ ਮੋਦਗਿਲ, ਸੰਜੀਵ ਅਰੋੜਾ ਅਤੇ ਮਨੋਜ ਓਹਰੀ ਨੇ ਸ਼ਾਮਿਲ ਹੋ ਕੇ ਪ੍ਰਬੰਧਕਾਂ ਨੂੰ ਵਧਾਈ ਦਿੱਤੀ।

ਪ੍ਰੋਗਰਾਮ ਦੇ ਅਖੀਰ ਵਿੱਚ ਮੁੱਖ ਮਹਿਮਾਨ ਰਾਜੇਸ਼ ਦਿਆਲ, ਅਜੈ ਮੋਹਨ ਬੱਬੀ, ਮੋਹਨ ਲਾਲ ਪਹਿਲਵਾਨ, ਐਲੀ ਪੁਸ਼ਪਿੰਦਰ ਸ਼ਰਮਾ, ਡਾ: ਮੁਹੰਮਦ ਸਲੀਮ, ਰਮੇਸ਼ਵਰ ਦਿਆਲ, ਹੈਪੀ ਕਲੇਰ ਨੂੰ ਯਾਦਗਰੀ ਚਿੰਨ ਅਤੇ ਦੋਸ਼ਾਲੇ ਦੇ ਕੇ ਡਾ.ਐਮ.ਜਮੀਲ ਬਾਲੀ, ਐਲੀ ਵਿਵੇਕ ਸਾਹਨੀ ਨੇ ਸਨਮਾਨਿਤ ਕੀਤਾ ।

# ਅੰਮ੍ਰਿਤਸਰ ’ਚ 43 ਡਿਗਰੀ ਪੁੱਜਾ ਗਰਮੀ ਦਾ ਤਾਪਮਾਨ, ਆਸਮਾਨ ਤੋਂ ਵਰ੍ਹਨ ਲੱਗੀ ‘ਅੱਗ’



**ਅੰਮ੍ਰਿਤਸਰ/ਰਾਜਾ ਕੋਟਲੀ-** ਲਗਾਤਾਰ ਪੈ ਰਹੀ ਗਰਮੀ ਨੇ ਲੋਕਾਂ ਦੇ ਵੱਟ ਕੱਢ ਦਿੱਤੇ ਹਨ ਤਾਪਮਾਨ ਵੱਧ ਰਹਿਣ ਨਾਲ ਆਮ ਜਨ ਜੀਵਨ ਬੁਰੀ ਤਰ੍ਹਾਂ ਪ੍ਰਭਾਵਿਤ ਹੋਇਆ ਹੈ ਸਵੇਰ ਦੀ ਤਿੱਖੀ ਧੁੱਪ ਵਿਚ ਪੂਰੀ ਤਪਸ਼ ਹੁੰਦੀ ਹੈ ਭਾਰੀ ਗਰਮੀ ਨੇ ਲੋਕਾਂ ਨੂੰ ਘਰਾਂ ’ਚ ਰਹਿਣ ਲਈ ਮਜ਼ਬੂਰ ਕਰ ਦਿੱਤਾ ਹੈ ਤੇ ਦੁਪਹਿਰ ਵੇਲੇ ਤਾਂ ਸੜਕਾਂ ਬਿਲਕੁਲ ਸੁੰਨਸਾਨ ਨਜ਼ਰ ਆਉਦੀਆਂ ਹਨ ਪਿਛਲੇ ਕਰੀਬ 2 ਮਹੀਨਿਆਂ ਤੋਂ ਪੈ ਰਹੀ ਅੱਤ ਦੀ ਗਰਮੀ ਨੇ ਜ਼ਿੰਦਗੀ ਦੀ ਰਫ਼ਤਾਰ ਨੂੰ ਹੌਲੀ ਕਰ ਦਿੱਤਾ ਹੈ ਹੁਣ ਤਾਂ ਅਜਿਹਾ ਲੱਗ ਰਿਹਾ ਹੈ ਕਿ ਜਿਵੇਂ ਆਸਮਾਨ ਤੋਂ ਅੱਗ ਵਰ੍ਹ ਰਹੀ ਹੈ।

ਮੌਸਮ ਵਿਭਾਗ ਅਨੁਸਾਰ 43.02 ਡਿਗਰੀ ਤਾਪਮਾਨ ਦਰਜ ਕੀਤਾ ਗਿਆ 16 ਜੂਨ ਤੋਂ ਪ੍ਰੀ ਮਾਨਸੂਨ ਹੋਣ ਦੀ ਵੀ ਸੰਭਾਵਨਾ ਜਤਾਈ ਜਾ ਰਹੀ ਹੈ ਦਿਨੋਂ-ਦਿਨ ਪੈ ਰਹੀ ਤੇਜ਼ ਗਰਮੀ ਨਾਲ ਵੱਧ ਰਹੇ ਤਾਪਮਾਨ ਨਾਲ ਸਾਰੇ ਪਾਸੇ ਹਾਹਾਕਾਰ ਮਚੀ ਹੋਈ ਹੈ ਲੋਕ ਹਾਲੋ ਬੇਹਾਲ ਹੋਏ ਪਏ ਹਨ ਲਗਾਤਾਰ ਵੱਧ ਰਿਹਾ ਤਾਪਮਾਨ ਲੋਕਾਂ ਦੀ ਸਿਹਤ ’ਤੇ ਸਿੱਧਾ ਅਸਰ ਪਾ ਰਿਹਾ ਹੈ ਭਾਰੀ ਗਿਣਤੀ ਵਿਚ ਲੋਕ ਹੀਟ ਸਟਰੀਕ ਨਾਲ ਪੀੜਤ ਹੋ ਰਹੇ ਹਨ ਦੁਪਹਿਰ ਸਮੇਂ ਸ਼ਹਿਰ ਦੇ ਮੁੱਖ ਬਾਜ਼ਾਰਾਂ ਵਿਚ ਜਿੱਥੇ ਆਵਾਜਾਈ ਘੱਟ ਦੇਖਣ ਨੂੰ ਮਿਲੀ, ਉਥੇ ਹੀ ਸ਼ਹਿਰ ਵਿਚ ਲੰਘਣ ਵਾਲੇ ਲੋਕ ਆਪਣੇ ਮੂੰਹ ਢੱਕ ਕੇ ਦੋ ਪਹੀਆ ਵਾਹਨਾਂ ’ਤੇ ਜਾਦੇ ਦੇਖੇ ਗਏ।

ਸ਼ਹਿਰ ਵਾਸੀ ਦੁਕਾਨਦਾਰਾਂ ਨੇ ਦੱਸਿਆ ਕਿ ਪੈ ਰਹੀ ਤੇਜ਼ ਗਰਮੀ ਕਰ ਕੇ ਪਿੰਡਾਂ ਤੋਂ ਖਰੀਦੋ-ਫਰੋਖਤ ਕਰਨ ਵਾਲੇ ਲੋਕਾਂ ਦੀ ਆਮਦ ਘੱਟਣ ਦੇ ਨਾਲ-ਨਾਲ ਸ਼ਹਿਰੀ ਲੋਕ ਬਾਜ਼ਾਰ ਵਿਚ ਘੱਟ ਹੀ ਆ ਰਹੇ ਹਨ ਗਰਮੀ ਅਤੇ ਤਪਸ਼ ਕਾਰਨ ਲੋਕਾਂ ਨੇ ਆਪਣੇ ਜ਼ਰੂਰੀ ਕੰਮ ਵੀ ਟਾਲਣੇ ਸ਼ੁਰੂ ਕਰ ਦਿੱਤੇ ਹਨ ਅਤੇ ਬਾਜ਼ਾਰਾਂ ਵਿਚ ਗਾਹਕ ਵੀ ਨਹੀਂ ਆ ਰਹੇ, ਜਿਸ ਕਰਕੇ ਦੁਕਾਨਦਾਰਾਂ ਦਾ ਕਾਰੋਬਾਰ ਠੱਪ ਹੋ ਚੁੱਕਿਆ ਹੈ।

# ਸਮੁੱਚੇ ਚੋਣ ਅਮਲ ਨੂੰ ਪੂਰੇ ਪਾਰਦਰਸ਼ੀ, ਨਿਰਪੱਖ ਅਤੇ ਸੁਰੱਖਿਅਤ ਮਾਹੌਲ ਵਿੱਚ ਨੇਪਰੇ ਚੜ੍ਹਾਉਣ ਦੀ ਹਦਾਇਤ

**• ਜਨਰਲ ਅਬਜ਼ਰਵਰ ਵੱਲੋਂ ਲੋਕ ਸਭਾ ਦੀ ਜ਼ਿਮਨੀ ਚੋਣ ਬਾਰੇ ਸੰਗਰੂਰ, ਮਲੇਰਕੋਟਲਾ ਅਤੇ ਬਰਨਾਲਾ ਦੇ ਜ਼ਿਲ੍ਹਾ ਚੋਣ ਅਫ਼ਸਰਾਂ, ਐਸਐਸਪੀਜ਼ ਸਮੇਤ ਹੋਰ ਅਧਿਕਾਰੀਆਂ ਨਾਲ ਮੀਟਿੰਗ**
**• ਪੈਰਾ ਮਿਲਟਰੀ ਫੋਰਸ ਦੇ ਅਧਿਕਾਰੀਆਂ, ਜਵਾਨਾਂ ਤੇ ਪੰਜਾਬ ਪੁਲਿਸ ਦੇ ਅਧਿਕਾਰੀਆਂ ਨਾਲ ਸੁਰੱਖਿਆ ਪ੍ਰਬੰਧਾਂ ਬਾਰੇ ਵੀ ਸਮੀਖਿਆ**
**• ਸੀਏਪੀਐਫ ਦੀਆਂ 23 ਅਤੇ ਐਸਏਪੀ ਦੀਆਂ 8 ਕੰਪਨੀਆਂ ਤਾਇਨਾਤ**

**ਸੰਗਰੂਰ/ਲੋਕ ਬਾਣੀ**

ਲੋਕ ਸਭਾ ਹਲਕਾ ਸੰਗਰੂਰ ਦੀ ਜ਼ਿਮਨੀ ਚੋਣ ਲਈ ਭਾਰਤੀ ਚੋਣ ਕਮਿਸ਼ਨ ਵੱਲੋਂ ਤਾਇਨਾਤ ਕੀਤੇ ਗਏ ਜਨਰਲ ਅਬਜ਼ਰਵਰ ਸ਼੍ਰੀ ਮੁਹੰਮਦ ਜ਼ੁਬੇਰ ਅਲੀ ਹਾਸ਼ਮੀ (ਆਈ.ਏ.ਐਸ) ਵੱਲੋਂ ਅੱਜ ਜ਼ਿਲਾ ਪ੍ਰਬੰਧਕੀ ਕੰਪਲੈਕਸ ਸੰਗਰੂਰ ਵਿਖੇ ਜ਼ਿਮਨੀ ਚੋਣ ਸਬੰਧੀ ਸਮੀਖਿਆ ਕਰਦਿਆਂ ਸਮੁੱਚੇ ਚੋਣ ਅਮਲ ਨੂੰ ਪੂਰੇ ਪਾਰਦਰਸ਼ੀ, ਨਿਰਪੱਖ ਅਤੇ ਸੁਰੱਖਿਅਤ ਮਾਹੌਲ ਵਿੱਚ ਨੇਪਰੇ ਚੜ੍ਹਾਉਣ ਦੀ ਹਦਾਇਤ ਕੀਤੀ ਰਿਟਰਨਿੰਗ ਅਫ਼ਸਰ ਸ਼੍ਰੀ ਜਤਿੰਦਰ ਜੋਰਵਾਲ ਦੀ ਹਾਜ਼ਰੀ ਵਿੱਚ ਹੋਈ ਮੀਟਿੰਗ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ ਬਰਨਾਲਾ ਹਰੀਸ਼ ਨਈਅਰ, ਐਸ.ਐਸ.ਪੀ ਸੰਗਰੂਰ ਮਨਦੀਪ ਸਿੰਘ ਸਿੱਧੂ, ਐਸ.ਐਸ.ਪੀ ਮਲੇਰਕੋਟਲਾ ਅਲਕਾ ਮੀਨਾ, ਐਸ.ਐਸ.ਪੀ ਬਰਨਾਲਾ ਸੰਦੀਪ ਕੁਮਾਰ ਮਲਿਕ , ਵਧੀਕ ਜ਼ਿਲ੍ਹਾ ਚੋਣ ਅਫਸਰ ਸੰਗਰੂਰ ਅਨਮੋਲ ਸਿੰਘ ਧਾਲੀਵਾਲ, ਵਧੀਕ ਜ਼ਿਲ੍ਹਾ ਚੋਣ ਅਫ਼ਸਰ ਮਲੇਰਕੋਟਲਾ ਸੁਖਪ੍ਰੀਤ ਸਿੰਘ ਸਿੱਧੂ, ਵਧੀਕ ਜ਼ਿਲ੍ਹਾ ਚੋਣ ਅਫ਼ਸਰ ਬਰਨਾਲਾ ਅਮਿਤ ਬੈਂਬੀ ਸਮੇਤ ਸਮੂਹ ਸਹਾਇਕ ਰਿਟਰਨਿੰਗ ਅਧਿਕਾਰੀ, ਪੈਰਾ ਮਿਲਟਰੀ ਕੰਪਨੀਆਂ ਦੇ ਕਮਾਂਡੈਂਟ, ਸਹਾਇਕ ਕਮਾਂਡੈਂਟ, ਐਸ.ਪੀਜ਼, ਡੀ.ਐਸ.ਪੀਜ਼ ਸ਼ਾਮਲ ਹੋਏ।

ਮੀਟਿੰਗ ਦੌਰਾਨ ਜਨਰਲ ਅਬਜ਼ਰਵਰ ਸ਼੍ਰੀ ਮੁਹੰਮਦ ਜ਼ੁਬੇਰ ਅਲੀ ਹਾਸ਼ਮੀ ਨੇ ਲੋਕ ਸਭਾ ਹਲਕਾ ਸੰਗਰੂਰ ਦੇ 9 ਵਿਧਾਨ ਸਭਾ ਹਲਕਿਆਂ ਵਿੱਚ ਤਾਇਨਾਤ ਹੋਣ ਵਾਲੇ ਪੈਰਾ ਮਿਲਟਰੀ ਫੋਰਸ ਦੇ ਅਧਿਕਾਰੀਆਂ, ਜਵਾਨਾਂ ਤੇ ਪੰਜਾਬ ਪੁਲਿਸ ਦੇ ਅਧਿਕਾਰੀਆਂ ਨਾਲ ਸੁਰੱਖਿਆ ਪ੍ਰਬੰਧਾਂ ਬਾਰੇ ਸਮੀਖਿਆ ਵੀ ਕੀਤੀ ਉਹਨਾਂ ਕਿਹਾ ਕਿ ਵੋਟਾਂ ਦੀ ਸੀਕਰੇਸੀ ਭੰਗ ਕਰਨ ਦੀ ਕਿਸੇ ਨੂੰ ਵੀ ਆਗਿਆ ਨਹੀਂ ਹੋਵੇਗੀ ।ਉਹਨਾਂ ਨੇ ਹੁਣ ਤੱਕ ਕੀਤੇ ਚੋਣ ਪ੍ਰਬੰਧਾਂ ਬਾਰੇ ਵਿਸਤ੍ਰਿਤ ਜਾਣਕਾਰੀ ਲੈਂਦਿਆਂ ਆਦਰਸ਼ ਚੋਣ ਜਾਬਤੇ ਦੀ ਉਲੰਘਣਾ ਦੇ ਮਾਮਲਿਆਂ ਅਤੇ ਕੀਤੀ ਗਈ ਕਾਰਵਾਈ ਬਾਰੇ ਜਾਇਜ਼ਾ ਲਿਆ

ਉਨ੍ਹਾਂ ਨੇ ਚੋਣ ਕਮਿਸ਼ਨ ਦੇ ਦਿਸ਼ਾ ਨਿਰਦੇਸ਼ਾਂ ਦੀ ਇੰਨ ਬਿੰਨ ਪਾਲਣਾ ਦੇ ਆਦੇਸ਼ ਦਿੱਤੇ ਉਨ੍ਹਾਂ ਪੁਲਿਸ ਅਤੇ ਪੈਰਾ ਮਿਲਟਰੀ ਨੂੰ ਸਾਂਝੇ ਤੌਰ ਉੱਤੇ ਫਲੈਗ ਮਾਰਚ ਕਰਨ ਦੀ ਹਦਾਇਤ ਕੀਤੀ ਅਤੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਲੋਕਾਂ ਨੂੰ ਚੋਣਾਂ ਦੇ ਕੰਮ ਨੂੰ ਅਮਨ-ਸ਼ਾਂਤੀ ਅਤੇ ਨਿਰਵਿਘਨ ਨੇਪਰੇ ਚਾੜ੍ਹਨ ਲਈ ਪ੍ਰਸ਼ਾਸਨ ਦਾ ਸਾਥ ਦੇਣ ਦੀ ਨਿਰੰਤਰ ਅਪੀਲ ਕੀਤੀ ਜਾਵੇ ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵਿਅਕਤੀ ਪਾਸੋਂ ਨਜਾਇਜ਼ ਸ਼ਰਾਬ/ਨਸ਼ੀਲੇ ਪਦਾਰਥਾਂ ਦੀ ਰਿਕਵਰੀ ਹੁੰਦੀ ਹੈ ਤਾਂ ਉਸ ਵਿਰੁੱਧ ਤੁਰੰਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।

ਮੀਟਿੰਗ ਦੌਰਾਨ ਰਿਟਰਨਿੰਗ ਅਫ਼ਸਰ ਸ਼੍ਰੀ ਜਤਿੰਦਰ ਜੋਰਵਾਲ ਨੇ ਵਿਸ਼ਵਾਸ ਦਿਵਾਇਆ ਕਿ ਪ੍ਰਸ਼ਾਸਨ ਲੋਕ ਸਭਾ ਹਲਕਾ ਸੰਗਰੂਰ ਦੀ ਜ਼ਿਮਨੀ ਚੋਣ ਦੇ ਸਮੁੱਚੇ ਅਮਲ ਨੂੰ ਅਮਨ ਅਮਾਨ ਨਾਲ ਨੇਪਰੇ ਚਾੜਨ ਲਈ ਯਤਨਸ਼ੀਲ ਹੈ ਅਤੇ ਨਾਗਰਿਕ ਵੀ ਅਮਨ ਤੇ ਕਾਨੂੰਨ ਵਿਵਸਥਾ ਨੂੰ ਕਾਇਮ ਰੱਖਣ ਲਈ ਆਪਣਾ ਪੂਰਨ ਸਹਿਯੋਗ ਦੇਣਗੇ ਉਨਾਂ ਕਿਹਾ ਕਿ ਚੋਣ ਪ੍ਰਕਿਰਿਆ ਲਈ ਤਾਇਨਾਤ ਸਟਾਫ਼ ਨੂੰ ਲੋੜੀਂਦੀ ਸਿਖਲਾਈ ਦਿੱਤੀ ਜਾ ਰਹੀ ਹੈ ਹੈ ਅਤੇ ਇਸ ਤੋਂ ਇਲਾਵਾ ਚੋਣ ਅਮਲ ਵਿੱਚ ਤਾਇਨਾਤ ਸਟਾਫ਼ ਵੀ ਸਾਰੇ ਪ੍ਰਬੰਧਾਂ ਨੂੰ ਨੇਪਰੇ ਚੜ੍ਹਾਉਣ ਲਈ ਪੂਰੀ ਤਰਾਂ ਆਪਸੀ ਤਾਲਮੇਲ ਰੱਖਣ ਦਾ ਪਾਬੰਦ ਰਹੇਗਾ॥

ਜ਼ਿਕਰਯੋਗ ਹੈ ਕਿ ਲੋਕ ਸਭਾ ਹਲਕਾ ਸੰਗਰੂਰ ਵਿਖੇ ਸੈਂਟਰਲ ਆਰਮਡ ਪੁਲਿਸ ਫੋਰਸ ਦੀਆਂ 23 ਅਤੇ ਸਟੇਟ ਆਰਮਡ ਫੋਰਸ ਦੀਆਂ 8 ਕੰਪਨੀਆਂ ਤਾਇਨਾਤ ਕੀਤੀਆਂ ਗਈਆਂ ਹਨ।

# ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਰਨ ਬੇਦੀ ਵੱਲੋਂ ਸਿੱਖਾਂ ਪ੍ਰਤੀ ਕੀਤੀ ਟਿੱਪਣੀ ਦੀ ਕੀਤੀ ਸਖ਼ਤ ਨਿੰਦਾ

**ਸੰਗਰੂਰ/ਲੋਕ ਬਾਣੀ**



ਸਾਬਕਾ ਆਈਪੀਐਸ ਅਫ਼ਸਰ ਕਿਰਨ ਬੇਦੀ ਵੱਲੋਂ ਸਿੱਖਾਂ ਪ੍ਰਤੀ ਕੀਤੀ ਗਈ ਟਿੱਪਣੀ ’ਤੇ ਸਖ਼ਤ ਇਤਰਾਜ਼ ਪ੍ਰਗਟ ਕਰਦਿਆਂ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਸ ਦੀ ਸਖ਼ਤ ਸਬਦਾਂ ਵਿਚ ਨਿੰਦਾ ਕੀਤੀ ਹੈ ਐਡਵੋਕੇਟ ਧਾਮੀ ਨੇ ਕਿਹਾ ਕਿ ਕਿਰਨ ਬੇਦੀ ਨੂੰ ਸਿੱਖ ਇਤਿਹਾਸ ਪੜਨਾ ਚਾਹੀਦਾ ਹੈ ਤਾਂ ਜੋ ਉਸ ਨੂੰ ਪਤਾ ਲਗ ਸਕੇ ਕਿ ਅਬਦਾਲੀ ਦੇ ਰਾਜ ਸਮੇਂ ਜਦੋਂ ਧਾੜਵੀ ਹਿੰਦੋਸਤਾਨ ’ਤੇ ਹਮਲਾ ਕਰਕੇ ਇਥੋਂ ਦਾ ਕੀਮਤੀ ਸਮਾਨ ਅਤੇ ਔਰਤਾਂ ਨੂੰ ਗਜਨੀ ਦੇ ਬਜ਼ਾਰਾਂ ਵਿਚ ਵੇਚਣ ਲਈ ਲੁੱਟ ਕੇ ਲੈ ਜਾਂਦੇ ਸਨ ਤਾਂ ਲੋਕਾਂ ਦੀ ਰਖਵਾਲੀ ਲਈ ਸਦਾ ਤੱਤਪਰ ਰਹਿਣ ਵਾਲੇ ਸਿੰਘ ਰਾਤ 12 ਵਜੇ ਧਾੜਵੀਆਂ ’ਤੇ ਹਮਲਾ ਕਰਕੇ ਲੁੱਟ ਦਾ ਸਮਾਨ ਅਤੇ ਔਰਤਾਂ ਨੂੰ ਛੁਡਵਾ ਕੇ ਉਨ੍ਹਾਂ ਦੇ ਘਰੋ-ਘਰੀ ਪਹੁੰਚਾਉਂਦੇ ਸਨ ਉਨ੍ਹਾਂ ਕਿਹਾ ਕਿ ਕਿਰਨ ਬੇਦੀ ਦਾ ਮੂਲ ਪੰਜਾਬ ਨਾਲ ਜੁੜਦਾ ਹੈ ਇਸ ਲਈ ਇਸ ਨੂੰ ਸਿੱਖਾਂ ਦੇ ਇਤਿਹਾਸ ਬਾਰੇ ਸਮਝ ਹੋਣੀ ਚਾਹੀਦੀ ਹੈ ਪਰ ਕਿਰਨ ਬੇਦੀ ਦੀ ਸਿੱਖਾਂ ਬਾਰੇ ਕੀਤੀ ਟਿੱਪਣੀ ਹੈਰਾਨੀਜਨਕ ਤੇ ਸ਼ਰਮਨਾਕ ਹੈ, ਜਿਸ ਨੇ ਪੂਰੀ ਕੌਮ ਦੀਆਂ ਭਾਵਨਾਵਾਂ ਨੂੰ ਸੱਟ ਮਾਰੀ ਹੈ ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਕਿਰਨ ਬੇਦੀ ਨੂੰ ਕਾਨੂੰਨੀ ਨੋਟਿਸ ਭੇਜਿਆ ਜਾ ਰਿਹਾ ਹੈ ਤਾਂ ਜੋ ਉਸ ਖਿਲਾਫ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾ ਸਕੇ।

# ਇਕ ਹ.ਫਤਾ ਪਹਿਲਾਂ ਅਗਵਾ ਹੋਈ ਹਿੰਦੂ ਨਾਬਾਲਿਗ ਕੁੜੀ ਹੋਈ ਬਰਾਮਦ, 1 ਗ੍ਰਿ.ਫਤਾਰ



ਪਾਕਿਸਤਾਨ ਦੇ ਜ਼ਿਲ੍ਹਾ ਜੇਹਲਮ ਦੇ ਚੋਟਾਲਾ ਪੁਲਸ ਸਟੇਸ਼ਨ ਅਧੀਨ ਪਿੰਡ ਸਿੰਘੋਈ ਇਲਾਕੇ ਤੋਂ ਅਗਵਾ ਕੀਤੀ ਗਈ ਹਿੰਦੂ ਕੁੜੀ ਨੂੰ ਬੀਤੀ ਦੇਰ ਰਾਤ ਪੁਲਸ ਨੇ ਬਹਾਵਲਪੁਰ ਇਲਾਕੇ ਤੋਂ ਬਰਾਮਦ ਕਰ ਲਿਆ ਹੈ ਦੱਸ ਦੇਈਏ ਕਿ ਹਿੰਦੂ ਕੁੜੀ ਨੂੰ ਲਗਭਗ ਇਕ ਹ.ਫਤੇ ਪਹਿਲਾ ਅਗਵਾ ਕੀਤਾ ਗਿਆ ਸੀ

ਸੂਤਰਾਂ ਅਨੁਸਾਰ ਪੀੜਤਾਂ ਦੀ ਮਾਂ ਦੀ ਸ਼ਿਕਾਇਤ ’ਤੇ 7 ਜੂਨ ਨੂੰ ਦਰਜ ਐੱਫ.ਆਈ.ਆਰ ਅਨੁਸਾਰ ਕੁੜੀ ਅਤੇ ਉਸ ਦਾ ਪਰਿਵਾਰ ਸਿੰਧ ਸੂਬੇ ਦੇ ਬਦੀਨ ਕਸਬੇ ਤੋਂ ਸਿੰਘੋਈ ’ਚ ਇਕ ਮਕਾਨ ਮਾਲਿਕ ਰਾਜਾ ਜਫਰ ਦੇ ਫਾਰਮ ਹਾਊਸ ’ਤੇ ਕੰਮ ਕਰਨ ਲਈ ਸਿਫਟ ਹੋਇਆ ਸੀ ਪੀੜਤਾ ਦੀ ਮਾਂ ਨੇ ਪੁਲਸ ਨੂੰ ਦਿੱਤੇ ਬਿਆਨ ਵਿਚ ਕਿਹਾ ਸੀ ਕਿ 6 ਜੂਨ ਨੂੰ ਉਹ ਆਪਣੀ ਕੁੜੀ ਨਾਲ ਫਾਰਮ ਹਾਊਸ ਤੋਂ ਕੰਮ ਕਰਕੇ ਵਾਪਸ ਆ ਰਹੀ ਸੀ ਤਾਂ ਰਸਤੇ ਵਿਚ ਉਹ ਇਕ ਵਾਸ਼ਰੂਮ ਦਾ ਪ੍ਰਯੋਗ ਕਰਨ ਲਈ ਰੁਕੀ ਜਦੋਂ ਉਸ ਦੀ ਕੁੜੀ ਵਾਸ਼ਰੂਮ ਗਈ ਤਾਂ ਸ਼ੱਕੀ ਵਿਅਕਤੀ ਨੇ ਉਸ ਦੀ ਮਾਰਕੁੱਟ ਕੀਤੀ ਅਤੇ ਕਾਰ ਵਿਚ ਜ਼ਬਰਦਸਤੀ ਬਿਠਾ ਕੇ ਲੈ ਗਏ

ਉਦੋਂ ਪੀੜਤਾ ਦੀ ਮਾਂ ਨੇ ਸ਼ੱਕ ਪ੍ਰਗਟ ਕੀਤਾ ਸੀ ਕਿ ਫਾਰਮ ਹਾਊਸ ਮਾਲਿਕ ਰਾਜਾ ਜਫਰ ਦੇ ਇਸ਼ਾਰੇ ’ਤੇ ਉਸ ਦੀ ਕੁੜੀ ਨੂੰ ਜਬਰ-ਜ਼ਿਨਾਹ ਕਰਨ ਦੀ ਨੀਯਤ ਨਾਲ ਅਗਵਾ ਕੀਤਾ ਗਿਆ ਹੈ ਪੁਲਸ ਨੇ ਕਾਰਵਾਈ ਕਰਕੇ ਰਾਜਾ ਜਫਰ ਦੇ ਕਰਮਚਾਰੀ ਸਾਮਤ ਅਲੀ ਨੂੰ ਗ੍ਰਿ.ਫਤਾਰ ਕਰ ਲਿਆ ਸਾਮਤ ਅਲੀ ਨੇ ਮੰਨਿਆ ਕਿ ਉਸ ਨੇ ਕੁੜੀ ਨੂੰ ਅਗਵਾ ਰਾਜਾ ਜਫਰ ਦੇ ਕਹਿਣ ’ਤੇ ਅਗਵਾ ਕੀਤਾ ਸੀ ਅਤੇ ਰਾਜਾ ਜਫਰ ਦੇ ਦੱਸੇ ਸਥਾਨ ’ਤੇ ਕੁੜੀ ਨੂੰ ਲੈ ਜਾ ਕੇ ਰਾਜਾ ਜਫਰ ਨੂੰ ਸੌਂਪਿਆ ਸੀ ਪੁਲਸ ਨੇ ਕੁੜੀ ਦਾ ਮੈਡੀਕਲ ਕਰਵਾਇਆ, ਜਿਸ ’ਚ ਉਸ ਨਾਲ ਜਬਰ-ਜ਼ਿਨਾਹ ਹੋਣ ਦੀ ਪੁਸ਼ਟੀ ਹੋਈ ਰਾਜਾ ਜਫਰ ਜੋ ਫ਼ਰਾਰ ਹੋ ਗਿਆ ਹੈ, ਦੀ ਪੁਲਸ ਤਾਲਾਸ਼ ਕਰ ਰਹੀ ਹੈ।

# ਗਾਂਧੀ ਆਰੀਆ ਹਾਈ ਸਕੂਲ ਬਰਨਾਲਾ ਵਿਖੇ ਚਲ ਰਹੇ ਸਮਰ ਕੈਂਪ ਦੀ ਸਮਾਪਤੀ ਸਮੇਂ ਹੁਨਰਮੰਦ ਬੱਚੀਆਂ ਦਾ ਸਨਮਾਨ ਕੀਤਾ



**ਬਾਰਨਾਲਾ/ਕਰਨ ਬਾਰਨਾਲਾ**

ਗਰਮੀ ਦੀਆਂ ਛੁੱਟੀਆਂ ਦੌਰਾਨ ਸਕੂਲ ਦੀਆਂ ਲੜਕੀਆਂ ਲਈ ਪੰਦਰਾਂ ਦਿਨਾ ਦਾ ਕੈਂਪ ਲਗਾਇਆ ਗਿਆ ਕੈਂਪ ਵਿੱਚ ਡਾਂਸ ਕਲਾਸ ਤੋਂ ਇਲਾਵਾ ਕੁਕਿੰਗ, ਮਹਿੰਦੀ ਲਗਾਉਣਾ, ਫਾਲਤੂ ਸਮਾਨ ਤੋਂ ਸ਼ੋ ਪੀਸ ਤਿਆਰ ਕਰਨਾ ਅਤੇ ਰੰਗੋਲੀ ਬਣਾਉਣਾ ਆਦਿ ਸਿਖਾਇਆ ਗਿਆ ਸਕੂਲ ਦੇ ਮੁੱਖ ਅਧਿਆਪਕ ਰਾਜਮਹਿੰਦਰ ਸ਼ਰਮਾਂ ਨੇ ਦੱਸਿਆ ਕਿ ਸਕੂਲ ਅਧਿਆਪਕਾਂ ਨੇ ਪੂਰੀ ਮਿਹਨਤ ਨਾਲ ਬੱਚਿਆਂ ਨੂੰ ਵਧੀਆ ਨਾਗਰਿਕ ਬਣਨ ਲਈ ਪ੍ਰੇਰਿਤ ਕੀਤਾ ਤੇ ਆਪਣੇ ਜੀਵਨ ਵਿਚ ਨੈਤਿਕ ਕਦਰਾਂ ਕੀਮਤਾਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਉਹਨਾ ਕਿਹਾ ਕਿ ਪੰਦਰਾਂ ਦਿਨਾ ਦਾ ਇਹ ਕੈਂਪ ਬੱਚਿਆਂ ਲਈ ਬਹੁਤ ਲਾਹੇਬੰਦ ਸਾਬਤ ਹੋਇਆ ਅੱਜ ਕੈਂਪ ਦਾ ਆਖਰੀ ਦਿਨ ਸੀ ਚੰਗਾ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਵੀ ਕੀਤਾ ਗਿਆ ਤੇ ਡਾਂਸ ਕੋਚ ਚੰਚਲ ਕੁਮਾਰ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਇਸ ਮੌਕੇ ਜਰਨਲਿਸਟ ਐਸੋਸੀਏਸ਼ਨ ਦੇ ਪ੍ਰਧਾਨ ਰਜਿੰਦਰ ਬਰਾੜ, ਵਿਜੈ ਭੰਡਾਰੀ,ਨਿਰਮਲ ਪੰਡੋਰੀ,ਮੰਗਤ ਜਿੰਦਲ, ਕਰਨਪ੍ਰੀਤ ਧੰਦਰਾਲ, ਅਮਨਦੀਪ ਸਿੰਘ, ਮੰਗਲ ਸਿੰਘ ਤੋਂ ਇਲਾਵਾ ਸਕੂਲ ਅਧਿਆਪਕ ਪ੍ਰਵੀਨ ਕੁਮਾਰ, ਰੂਬੀ ਸਿੰਗਲਾ, ਗੀਤਾ ਸ਼ਰਮਾਂ,ਨਵਦੀਪ ਕੌਰ ਨਵੂ,ਰੀਮਾ ਰਾਣੀ,ਰੇਖਾ ਰਾਣੀ,ਕਾਜਲ ਕੁਮਾਰੀ ਅਤੇ ਕਰਮਜੀਤ ਕੌਰ ਵੀ ਹਾਜਰ ਸਨ।

# ਬ੍ਰਿਟਿਸ਼ ਹਾਈ ਕਮਿਸ਼ਨਰ ਅਲੈਗਜ਼ੈਂਡਰ ਏਲਿਸ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਹੋਏ ਨਤਮਸਤਕ



**ਸੰਗਰੂਰ/ਲੋਕ ਬਾਣੀ**

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਅੱਜ ਬ੍ਰਿਟਿਸ਼ ਹਾਈ ਕਮਿਸ਼ਨਰ ਅਲੈਗਜ਼ੈਂਡਰ ਏਲਿਸ ਤੇ ਡਿਪਟੀ ਹਾਈ ਕਮਿਸ਼ਨਰ ਕੈਰੋਲਿਨ ਰੋਵੇਟ ਨੇ ਪਰਿਵਾਰ ਸਮੇਤ ਨਤਮਸਤਕ ਹੋ ਕੇ ਸ਼ਰਧਾ ਪ੍ਰਗਟਾਈ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਪੁੱਜਣ ’ਤੇ ਉਨ੍ਹਾਂ ਨੂੰ ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਵਿਖੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਗੁਰੂ ਬਖ਼ਸ਼ਿਸ਼ ਸਿਰੋਪਾਓ ਅਤੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਸੁਨਹਿਰੀ ਮਾਡਲ ਸਮੇਤ ਧਾਰਮਿਕ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ ਬ੍ਰਿਟਿਸ਼ ਹਾਈ ਕਮਿਸ਼ਨਰ ਅਲੈਗਜ਼ੈਂਡਰ ਏਲਿਸ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦਰਸ਼ਨ ਕਰਨ ਮੌਕੇ ਜਿਥੇ ਗੁਰਬਾਣੀ ਕੀਰਤਨ ਸਰਵਣ ਕੀਤਾ, ਉਥੇ ਹੀ ਉਨ੍ਹਾਂ ਨੇ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਲੰਗਰ ਤਿਆਰ ਹੁੰਦਾ ਵੇਖਿਆ ਅਤੇ ਲੰਗਰ ਸੇਵਾ ਵੀ ਕੀਤੀ ਬ੍ਰਿਟਿਸ਼ ਹਾਈ ਕਮਿਸ਼ਨ ਦੇ ਵਫ਼ਦ ਨੇ ਹਜ਼ਾਰਾਂ ਸੰਗਤਾਂ ਵੱਲੋਂ ਇਕੋ ਸਮੇਂ ਲੰਗਰ ਛਕਣ ਬਾਰੇ ਜਾਣ ਕੇ ਖੁਸ਼ੀ ਪ੍ਰਗਟਾਈ॥

ਇਸ ਮੌਕੇ ਬ੍ਰਿਟਿਸ਼ ਹਾਈ ਕਮਿਸ਼ਨਰ ਅਲੈਗਜ਼ੈਂਡਰ ਏਲਿਸ ਤੇ ਡਿਪਟੀ ਹਾਈ ਕਮਿਸ਼ਨਰ ਕੈਰੋਲਿਨ ਰੋਵੇਟ ਨੇ ਕਿਹਾ ਕਿ ਇਸ ਪਾਵਨ ਅਸਥਾਨ ’ਤੇ ਪੁੱਜ ਕੇ ਉਨ੍ਹਾਂ ਨੂੰ ਖੁਸ਼ੀ ਹੋਈ ਹੈ ਉਨ੍ਹਾਂ ਸਿੱਖਾਂ ਵੱਲੋਂ ਮਨੁੱਖਤਾ ਲਈ ਨਿਭਾਈਆਂ ਜਾਂਦੀਆਂ ਸੇਵਾਵਾਂ ਦੀ ਸ਼ਲਾਘਾ ਕੀਤੀ ਅਤੇ ਮਨੁੱਖਤਾ ਦੇ ਕੇਂਦਰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਫੇਰੀ ਨੂੰ ਯਾਦਗਾਰੀ ਦੱਸਿਆ ਇਥੇ ਪਹੁੰਚਣ ’ਤੇ ਮਿਲੇ ਸਨਮਾਨ ਲਈ ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਤੇ ਸੰਸਥਾ ਦਾ ਧੰਨਵਾਦ ਕੀਤਾ ਵਫ਼ਦ ਨੂੰ ਸੂਚਨਾ ਅਧਿਕਾਰੀ ਸ. ਜਸਵਿੰਦਰ ਸਿੰਘ ਜੱਸੀ ਨੇ ਸ੍ਰੀ ਦਰਬਾਰ ਸਾਹਿਬ ਅਤੇ ਇਥੇ ਸਥਿਤ ਹੋਰ ਗੁਰ ਅਸਥਾਨਾਂ ਦੇ ਇਤਿਹਾਸ ਦੇ ਨਾਲ-ਨਾਲ ਸਿੱਖ ਰਵਾਇਤਾਂ ਬਾਰੇ ਜਾਣਕਾਰੀ ਦਿੱਤੀ॥

ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਸ. ਗੁਰਬਚਨ ਸਿੰਘ ਕਰਮੂਵਾਲਾ, ਵਧੀਕ ਸਕੱਤਰ ਸ. ਪ੍ਰਤਾਪ ਸਿੰਘ, ਮੀਤ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਸੁਲੱਖਣ ਸਿੰਘ ਭੰਗਾਲੀ, ਸ. ਸੁਖਰਾਜ ਸਿੰਘ, ਸਾਬਕਾ ਸਕੱਤਰ ਸ. ਸੁਖਦੇਵ ਸਿੰਘ ਭੂਰਾਕੋਹਨਾ, ਇੰਚਾਰਜ ਸ. ਸ਼ਾਹਬਾਜ ਸਿੰਘ, ਸੂਚਨਾ ਅਧਿਕਾਰੀ ਸ. ਜਸਵਿੰਦਰ ਸਿੰਘ ਜੱਸੀ, ਸ. ਅੰਮ੍ਰਿਤਪਾਲ ਸਿੰਘ, ਸ. ਰਣਧੀਰ ਸਿੰਘ ਆਦਿ ਮੌਜੂਦ ਸਨ।

# ਮਾਤਾ ਚਿੰਤਪੁਰਨੀ ਮਾਰਗ ਦੀ ਮੁਰੰਮਤ ਪ੍ਰਸ਼ਾਸਨ ਵੱਲੋਂ ਪਹਿਲ ਦੇ ਆਧਾਰ ’ਤੇ ਕੀਤੀ ਜਾਵੇ- ਅਸ਼ਵਾਨੀ ਗੈਂਦ



**ਹੁਸ਼ਿਆਰਪੁਰ/ਤਰਸੇਮ ਦੀਵਾਨਾ**

ਨਈ ਸੋਚ ਵੈਲਫੇਅਰ ਸੁਸਾਇਟੀ (ਰਜਿ) ਵੱਲੋਂ ਬੰਜਰਬਾਗ ਭਰਵਾਈ ਰੋਡ ਦੀ ਮਾੜੀ ਹਾਲਤ ਨੂੰ ਦੇਖਦੇ ਹੋਏ ਕਾਰਜਕਾਰੀ ਇੰਜੀਨੀਅਰ ਕੇਂਦਰੀ ਵਰਕਿੰਗ ਬੋਰਡ ਦੇ ਨਾਮ ਇਕ ਮੰਗ ਪੱਤਰ ਦਿੱਤਾ ਗਿਆ ਜਿਸ ਵਿੱਚ ਨਵੀਂ ਸੋਚ ਦੇ ਸੰਸਥਾਪਕ ਪ੍ਰਧਾਨ ਅਸ਼ਵਨੀ ਗੈਂਦ ਦੇ ਨਾਲ ਸਾਬਕਾ ਕੌਂਸਲਰ ਸੁਰੇਸ਼ ਭਾਟੀਆ ਬਿੱਟੂ, ਰਜੇਸ਼ ਸ਼ਰਮਾ, ਨੀਰਜ ਗੈਂਦ, ਰਕੇਸ਼ ਕੁਮਾਰ ਵਸ਼ਿਸ਼ਟ ਦੀ ਮੌਜੂਦਗੀ ਵਿੱਚ, ਸਾਰਿਆਂ ਨੇ ਦੱਸਿਆ ਕਿ ਅਗਲੇ ਮਹੀਨੇ 29 ਜੁਲਾਈ ਤੋਂ ਸਾਵਨ ਦੇ ਮਹੀਨੇ ਦੇ ਨਰਾਤਿਆਂ ਦੇ ਮੇਲੇ ਚਿੰਤਪੁਰਨੀ ਜੀ ਦੇ ਸ਼ੁਰੂ ਹੋਣ ਵਾਲੇ ਹਨ ਅਤੇ ਸੜਕ ਦੀ ਹਾਲਤ ਇੰਨੀ ਮਾੜੀ ਹੈ ਕਿ ਉੱਥੇ ਪੈਦਲ ਚੱਲਣਾ ਵੀ ਮੁਸ਼ਕਲ ਹੈ, ਕਿਉਂਕਿ ਮੇਲੇ ਦੇ ਦਿਨਾਂ ਵਿਚ ਪੂਰੇ ਭਾਰਤ ਤੋਂ ਸ਼ਰਧਾਲੂ ਇਸ ਸੜਕ ਤੋਂ ਲੰਘਦੇ ਹਨ ਅਤੇ ਇਸ ਸੜਕ ਤੇ ਲੰਗਰ ਆਦਿ ਲਗਾਉਣ ਦਾ ਪ੍ਰਬੰਧ ਵੀ ਕੀਤਾ ਜਾਂਦਾ ਹੈ ਸੜਕ ਦੀ ਖਸਤਾ ਹਾਲਤ ਵੱਲ ਜਿਲ੍ਹਾ ਪ੍ਰਸ਼ਾਸਨ ਦਾ ਧਿਆਨ ਅੱਜ ਤੱਕ ਨਹੀਂ ਗਿਆ, ਜਿਲ੍ਹਾ ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ ਪਿਆ ਹੈ ਸਾਰੇ ਮੈਂਬਰਾਂ ਨੇ ਸਰਬਸੰਮਤੀ ਨਾਲ ਕਿਹਾ ਕਿ ਜੇਕਰ 1 ਜੁਲਾਈ ਤੱਕ ਇਸ ਸੜਕ ਦਾ ਨਿਰਮਾਣ ਕਾਰਜ ਸ਼ੁਰੂ ਨਾ ਕੀਤਾ ਗਿਆ ਤਾਂ ਸ਼ਹਿਰ ਦੀਆਂ ਸਾਰੀਆਂ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਨੂੰ ਨਾਲ ਲੈ ਕੇ ਸੜਕਾਂ ▾ਤੇ ਉਤਰਨ ਲਈ ਮਜਬੂਰ ਹੋਣਾ ਪਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਜ਼ਿਲ੍ਹਾ ਪ੍ਰਸ਼ਾਸਨ ਦੀ ਹੋਵੇਗੀ ਗੈਂਦ ਨੇ ਕਿਹਾ ਕਿ ਸਾਰੇ ਸ਼ਹਿਰ ਵਾਸੀਆਂ ਦੀ ਆਸਥਾ ਮਾਤਾ ਚਿੰਤਪੁਰਨੀ ਜੀ ਨਾਲ ਜੁੜੀ ਹੋਈ ਹੈ ਅਤੇ ਇਸ ਮੇਲੇ ਦੀ ਮਹੱਤਤਾ ਤੋਂ ਸਮੁੱਚਾ ਉੱਤਰੀ ਭਾਰਤ ਜਾਣੂ ਹੈ ਇਸ ਮੌਕੇ ਮਧੂਸੂਦਨ ਤਿਵਾੜੀ, ਅਜੇ ਜੋਸ਼ੀ, ਦਵਿੰਦਰ ਗੁਪਤਾ, ਅਮਨ ਸੇਠੀ, ਕਪਿਲ ਅਗਰਵਾਲ, ਮੁਕੇਸ਼ ਕੰਵਰ, ਵਿਨੀਤ ਡਡਵਾਲ, ਸੁਮਿਤ ਕੁਮਾਰ, ਲੱਕੀ ਚੋਪੜਾ, ਮਨਦੀਪ ਖੁੱਲਰ ਆਦਿ ਹਾਜ਼ਰ ਸਨ।

# ਪਿੰਡ ਭੂੰਡੇਵਾਲ ਦੇ ਵਾਸੀ ਮੀਡੀਆ ਦੇ ਹੋਏ ਰੂਬਰੂ

## ਕਿਹਾ ਕੁੱਝ ਸ਼ਰਾਰਤੀ ਅਨਸਰਾਂ ਵਲੋਂ ਕਾਂਗਰਸੀ ਸਰਪੰਚ ਨੂੰ ਬਦਨਾਮ ਕਰਨ ਦੀ ਰਚੀ ਗਈ ਸਾਜਿਸ਼



**ਦੀਨਾਨਗਰ/ਡਾ.ਰਮੇਸ਼**

ਪਿੰਡ ਭੂੰਡੇਵਾਲ ਦੇ ਮੌਜੂਦਾ ਕਾਂਗਰਸੀ ਸਰਪੰਚ ਖ਼ਿਲਾਫ਼ ਇੱਕ ਔਰਤ ਵੱਲੋਂ ਪਿਸਤੌਲ ਦੀ ਨੋਕ ’ਤੇ ਜਬਰ ਜਨਾਹ ਕਰਨ ਦੇ ਲਗਾਏ ਇਲਜ਼ਾਮ ਅੱਜ ਉਸ ਵੇਲੇ ਬੇਬੁਨਿਆਦ ਤੇ ਸਿਆਸਤ ਤੋਂ ਪ੍ਰੇਰਿਤ ਜਾਪੇ ਜਦੋਂ ਪਿੰਡ ਦੀਆਂ ਵੱਡੀ ਗਿਣਤੀ ਚ ਔਰਤਾਂ ਅਤੇ ਮਰਦ ਸਰਪੰਚ ਦੀ ਪਿੱਠ ’ਤੇ ਆਣ ਖੜ੍ਹੇ ਹੋਏ ਸਰਪੰਚ ਵੱਲੋਂ ਇਸਦੇ ਲਈ ਪਿੰਡ ਦਾ ਆਮ ਇਜਲਾਸ ਸੱਦਿਆ ਗਿਆ ਜਿਸ ਵਿੱਚ ਪਿੰਡ ਦੀਆਂ ਔਰਤਾਂ ਨੇ ਮੀਡੀਆ ਸਾਹਮਣੇ ਖੁੱਲ ਕੇ ਬੋਲਦਿਆਂ ਇਲਜ਼ਾਮ ਲਗਾਉਣ ਵਾਲੀ ਔਰਤ ਵੱਲੋਂ ਲਗਾਏ ਗਏ ਅਰੋਪਾਂ ਨੂੰ ਝੂਠ ਦੱਸਿਆ ਪੰਚਾਇਤ ਮੈਂਬਰ ਮਲਾਵੀ ਦੇਵੀ ਅਤੇ ਪੰਚ ਸੁਰਜੀਤ ਕੌਰ ਸਮੇਤ ਪਿੰਡ ਦੀਆਂ ਬਜ਼ੁਰਗ ਔਰਤਾਂ ਨੇ ਕਿਹਾ ਕਿ ਸਰਪੰਚ ਮਲਕੀਤ ਸਿੰਘ ਨੂੰ ਪਿੰਡ ਵਾਸੀਆਂ ਦਾ ਪੂਰਾ ਸਮਰਥਨ ਹੈ ਅਤੇ ਔਰਤ ਵੱਲੋਂ ਲਗਾਏ ਗਏ ਤਮਾਮ ਇਲਜ਼ਾਮ ਝੂਠ ਹਨ, ਜਿਸਦੇ ਪਿੱਛੇ ਸੱਤਾਧਾਰੀ ਪਾਰਟੀ ਦੇ ਕੁਝ ਲੀਡਰਾਂ ਦਾ ਹੱਥ ਹੈ ਜੋ ਮਲਕੀਤ ਸਿੰਘ ਨੂੰ ਬਦਨਾਮ ਕਰਕੇ ਪਿੰਡ ਦੀ ਚੌਧਰ ਆਪਣੇ ਹੱਥਾਂ ਵਿੱਚ ਲੈਣਾ ਚਾਹੁੰਦੇ ਹਨ ਪਰ ਪਿੰਡ ਵਾਸੀ ਅਜਿਹੇ ਸ਼ਰਾਰਤੀ ਲੋਕਾਂ ਦੇ ਮਨਸੂਬੇ ਕਦੇ ਸਫ਼ਲ ਨਹੀਂ ਹੋਣ ਦੇਣਗੇ ਉਨ੍ਹਾਂ ਕਿਹਾ ਕਿ ਪਿਛਲੇ 30 ਸਾਲਾਂ ’ਚ ਪਿੰਡ ਅੰਦਰ ਐਨਾ ਵਿਕਾਸ ਨਹੀਂ ਹੋਇਆ ਜਿੰਨਾ ਇਸ ਸਰਪੰਚ ਨੇ ਪਿਛਲੇ ਦੋ ਸਾਲਾਂ ’ਚ ਕਰਵਾ ਦਿੱਤਾ ਹੈ ਔਰਤਾਂ ਨੇ ਬੜ੍ਹੀ ਬੇਬਾਕੀ ਨਾਲ ਜਵਾਬ ਦਿੰਦਿਆਂ ਕਿਹਾ ਕਿ ਸਰਪੰਚ ’ਤੇ ਇਲਜ਼ਾਮ ਲਗਾਉਣ ਵਾਲੀ ਔਰਤ ਨੇ ਦੋ ਸਾਲ ਪਹਿਲਾਂ ਪਿੰਡ ਦੇ ਇੱਕ ਨੌਜਵਾਨ ਜੀਵਨ ਖ਼ਿਲਾਫ਼ ਵੀ ਪੁਲਿਸ ਨੂੰ ਦਰਖ਼ਾਸਤਾਂ ਦਿੱਤੀਆਂ ਸਨ ਅਤੇ ਹੁਣ ਫਿਰ ਜੀਵਨ ਅਤੇ ਸਰਪੰਚ ਮਲਕੀਤ ਸਿੰਘ ਨੂੰ ਸਿਆਸੀ ਰੰਜਿਸ਼ ਤਹਿਤ ਫਸਾਉਣ ਦੀ ਚਾਲ ਖੇਡੀ ਗਈ ਹੈ ਪੰਚਾਇਤ ਮੈਂਬਰ ਲੱਖਾ ਮਸੀਹ ਨੇ ਕਿਹਾ ਕਿ ਇਸ ਪੂਰੀ ਸਾਜਿਸ਼ ਦੇ ਪਿੱਛੇ ਆਮ ਆਦਮੀ ਪਾਰਟੀ ਦੇ ਉਨ੍ਹਾਂ ਲੀਡਰਾਂ ਦਾ ਹੱਥ ਹੈ ਜੋ ਸਰਪੰਚ ਨਾਲ ਚੋਣਾਂ ਦੇ ਦਿਨਾਂ ਤੋਂ ਖ਼ਾਰ ਖਾਂਦੇ ਹਨ ਉਨ੍ਹਾਂ ਕਿਹਾ ਕਿ ਜੇਕਰ ਪੁਲਿਸ ਨੇ ਸਿਆਸੀ ਦਬਾਅ ਹੇਠ ਸਰਪੰਚ ਖ਼ਿਲਾਫ਼ ਕੋਈ ਐਕਸ਼ਨ ਲਿਆ ਤਾਂ ਉਹ ਤਿੱਖਾ ਸੰਘਰਸ਼ ਵਿੱਢਣ ਤੋਂ ਗੁਰੇਜ਼ ਨਹੀਂ ਕਰਨਗੇ

ਸਰਪੰਚ ਮਲਕੀਤ ਸਿੰਘ ਨੇ ਕਿਹਾ ਕਿ ਉਨ੍ਹਾਂ ’ਤੇ ਇਲਜ਼ਾਮ ਲਗਾਉਣ ਵਾਲੀ ਔਰਤ ਨੂੰ ਸਮੂਹ ਪਿੰਡ ਵਾਸੀਆਂ ਨੇ ਉਸਨੂੰ ਪਿੰਡ ਵਿੱਚੋਂ ਵਿਰੋਧ ਕਰਕੇ ਕੱਢ ਦਿੱਤਾ ਸੀ ਅਤੇ ਪਿਛਲੇ ਕਰੀਬ ਤਿੰਨ ਸਾਲਾਂ ਤੋਂ ਉਸਦਾ ਕੋਈ ਥਹੁ ਟਿਕਾਣਾ ਨਹੀਂ ਅਤੇ ਇਸ ਪੂਰੇ ਮਾਮਲੇ ਵਿੱਚ ਸੱਤਾਧਾਰੀ ਪਾਰਟੀ ਦੇ ਕੁਝ ਲੀਡਰਾਂ ਖ਼ਿਲਾਫ਼ ਵੀ ਬਣਦੀ ਕਾਰਵਾਈ ਅਮਲ ’ਚ ਲਿਆਵਾਂਗੇ ਇਸ ਦੌਰਾਨ ਪਿੰਡ ਵਾਸੀਆਂ ਵੱਲੋਂ ਸਰਪੰਚ ਦੇ ਹੱਕ ਵਿੱਚ ਨਾਅਰੇਬਾਜ਼ੀ ਵੀ ਕੀਤੀ ਗਈ

***ਪੁੱਤਰ ਨੂੰ ਵਾਰ ਵਾਰ ਬਦਨਾਮ ਕਰਨ ’ਤੇ ਮਾਪਿਆਂ ਦਿੱਤੀ ਆਤਮਦਾਹ ਦੀ ਧਮਕੀ***

ਉੱਧਰ ਪਿੰਡ ਦੇ ਨੌਜਵਾਨ ਜੀਵਨ ਦੀ ਮਾਂ ਮਨਜੀਤ ਕੌਰ ਅਤੇ ਪਿਤਾ ਜੋਧਾ ਨੇ ਆਪਣੇ ਪੁੱਤਰ ਦੀ ਵਾਰ-ਵਾਰ ਕੀਤੀ ਜਾ ਰਹੀ ਬਦਨਾਮੀ ਤੋਂ ਤੰਗ ਆ ਕੇ ਆਤਮਦਾਹ ਕਰਨ ਦੀ ਧਮਕੀ ਦਿੱਤੀ ਹੈ ਆਮ ਇਜਲਾਸ ਦੌਰਾਨ ਉਨ੍ਹਾਂ ਕਿਹਾ ਕਿ ਤਿੰਨ ਸਾਲ ਪਹਿਲਾਂ ਪਿੰਡ ਵਿੱਚ ਰਹਿੰਦੀ ਇੱਕ ਔਰਤ ਨੇ ਉਨ੍ਹਾਂ ਦੇ ਪੁੱਤਰ ’ਤੇ ਦੂਜੀ ਵਾਰ ਗੰਦੇ ਇਲਜ਼ਾਮ ਲਗਾ ਕੇ ਬਦਨਾਮ ਕੀਤਾ ਹੈ ਜਿਸਨੂੰ ਲੈ ਕੇ ਸਾਰਾ ਪਰਿਵਾਰ ਬੇਹੱਦ ਪਰੇਸ਼ਾਨ ਅਤੇ ਸਦਮੇ ਵਿੱਚ ਹੈ ਉਨ੍ਹਾਂ ਕਿਹਾ ਕਿ ਸਾਡੇ ਪੁੱਤਰ ਦਾ ਕਸੂਰ ਸਿਰਫ਼ ਐਨਾ ਹੈ ਕਿ ਉਹ ਪਿੰਡ ਦੇ ਸਰਪੰਚ ਅਤੇ ਕਾਂਗਰਸ ਪਾਰਟੀ ਦਾ ਸਮਰਥਕ ਹੈ।

# ਮੈਡਮ ਨਵਦੀਪ ਕੌਰ ਗਿੱਲ, ਸਿਵਲ ਜੱਜ ( ਸੀਨੀਅਰ ਡਵੀਜਨ) ਕਮ-ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵਲੋਂ ਬਿਰਧ ਆਸ਼ਰਮ ਦਾ ਦੌਰਾ



**ਗੁਰਦਾਸਪੁਰ-ਨਵਨੀਤ ਕੁਮਾਰ**

ਮੈਡਮ ਨਵਦੀਪ ਕੌਰ ਗਿੱਲ ਸਿਵਲ ਜੱਜ (ਸੀਨੀਅਰ ਡਵੀਜਨ)-ਕਮ-ਸੀ ਜੇ ਐਮ ,ਸਹਿਤ ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾ ਅਥਾਰਟੀ,ਗੁਰਦਾਸਪੁਰ ਦੁਆਰਾ- World Elder Abuse Awareness Day - ਦੇ ਮੌਕੇ ਬਿਰਧ ਆਸ਼ਰਮ,ਗੁਰਦਾਸਪੁਰ ਦਾ ਦੌਰਾ ਕੀਤਾ ਇਸ ਮੌਕੇ ਉਹਨਾ ਨਾਲ ਪੈਨਲ ਐਡਵੋਕੇਟ ਪ੍ਰਭਦੀਪ ਸਿੰਘ ਸੰਧੂ ਵੀ ਮੌਜੂਦ ਸਨ ਇਸ ਮੌਕੇ ਮੈਡਮ ਨਵਦੀਪ ਕੌਰ ਗਿੱਲ ਦੁਆਰਾ ਬਿਰਧ ਆਸ਼ਰਮ ਵਿਚ ਰਹਿੰਦੇ ਬੇਜੁਰਗਾ ਨੂੰ ਮਿਲਿਆ ਗਿਆ ਇਸ ਮੌਕੇ ਬਿਰਧ ਆਸ਼ਰਮ ਦੀ ਮੈਨੇਜਰ, ਮੈਡਮ ਅਰਚਨਾ ਸ਼ਰਮਾ ਤੋ ਇਲਾਵਾ ਬਿਰਧ ਆਸ਼ਰਮ ਦਾ ਬਾਕੀ ਸਟਾਫ ਦੀ ਮੌਜੂਦ ਸੀ, ਬਿਰਧ ਅਹਾਸ਼ਰਮ ਵਿਚ ਇਸ ਸਮੇ 23 ਬੇਜੁਰਗ ਰਹਿ ਰਹੇ ਹਨ ਜਿਲ੍ਹਾ ਵਿਚੋ 11 ਬੇਜੁਰਗ ਆਦਮੀ ਅਤੇ 12 ਬੇਜੁਰਗ ਔਰਤਾ ਹਨ ਬਿਰਧ ਆਸ਼ਰਮ ਗੁਰਦਾਸਪੁਰ ਵਿਚ ਚਿਲਡਰਨ ਹੋਮ , ਗੁਰਦਾਸਪੁਰ ਦੇ ਬੱਚਿਆਂ ਨੂੰ ਵੀ ਬੁਲਾਇਆ ਗਿਆ ਅਤੇ ਬੱਚਿਆਂ ਦੁਆਰਾ ਬਿਰਧ ਆਸ਼ਰਮ ਵਿਚ ਕਵਿਤਾਵਾਂ ਸੁਣਾਈਆ ਗਈਆਂ

?ਮੈਡਮ ਨਵਦੀਪ ਕੌਰ ਗਿਲ ਦੁਆਰਾ ਆਪਣੇ ਸੰਬੋਧਨ ਵਿਚ ਬਿਰਧ ਆਸ਼ਰਮ ਵਿਚ ਰਹੇ ਰਹੇ ਸਾਰੇ ਬੇਜੁਰਗਾ ਨੂੰ ਆਪਸ ਵਿਚ ਪਿਆਰ ਭਾਵ ਅਤੇ ਮਿਲ ਜੋਲ ਕੇ ਰਹਿਣ ਲਈ ਕਿਹਾ ਮੈਡਮ ਨਵਦੀਪ ਕੌਰ ਗਿਲ ਦੁਆਰਾ ਬਿਰਧ ਆਸ਼ਰਮ ਵਿਚ ਰਹਿ ਰਹੇ ਬੇਜੁਰਗਾ ਨੂੰ ਨਾਲਸਾ ਦੀ ਸਕੀਮ ਨਾਲਸਾ ( ਲੀਗਲ ਸਰਵਿਸ ਟੂ ਸੀਨੀਅਰ ਸਿਟੀਜਨ ) ਸਕੀਮ 2016 ਬਾਰੇ ਜਾਣੂ ਕਰਵਾਇਆ ਗਿਆ ਮੈਡਮ ਨਵਦੀਪ ਕੌਰ ਗਿੱਲ ਦੁਆਰਾ ਅਕਸਰ ਹੀ ਇਸ ਬਿਰਧ ਆਸ਼ਰਮ ਵਿੱਚ ਸਮੇਂ ਸਮੇਂ ਸਿਰ ਆਂਉਦੇ ਰਹਿੰਦੇ ਹਨ ਅਤੇ ਬੇਜੁਰਗਾ ਨੂੰ ਮਿਲ ਕੇ ਉਹਨਾ ਦੀਆਂ ਮੁਸ਼ਕਲਾਂ ਸੁਣਦੇ ਰਹਿੰਦੇ ਹਨ

?ਇਸ ਤੋ ਇਲਾਵਾ ਮੈਡਮ ਨਵਦੀਪ ਕੌਰ ਗਿੱਲ ਸਕੱਤਰ ,ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ,ਗੁਰਦਾਸਪੁਰ ਦੁਆਰਾ World Elder Abuse Awareness Day ਦੇ ਮੌਕੇ ਤੇ ਬਿਰਧ ਆਸ਼ਰਮ ਬਟਾਲਾ ਵਿਖੇ ਪੈਨਲ ਐਡਵੋਕੇਟ ਸ਼੍ਰੀ ਮਨਜੀਤ ਸਿੰਘ ਦੀ ਡਿਊਟੀ ਲਗਾਈ ਗਈ ਸ਼੍ਰੀ ਮਨਜੀਤ ਸਿੰਘ, ਪੈਨਲ ਐਡਵੋਕੇਟ ਦੁਆਰਾ ਬਿਰਧ ਆਸ਼ਰਮ,ਬਟਾਲਾ ਵਿਖੇ ਰਹਿ ਰਹੇ ਬਜੁਰਗਾ ਨੂੰ ਮਿਲਿਆ ਅਤੇ ਉਹਨਾ ਨੂੰ ਨਾਲਸਾ ਦੀ ਸਕੀਮ ਨਾਲਸਾ ( ਲੀਗਲ ਸਰਵਿਸਜ਼ ਟੂ ਸੀਨੀਅਰ ਸਿਟੀਜਨ) ਸਕੀਮ ,2016 ਬਾਰੇ ਜਾਣੂ ਕਰਵਾਇਆ ਗਿਆ ਇਸ ਮੌਕੇ ਬਿਰਧ ਅਹਸ਼ਰਮ ਵਿਚ 70 ਬਜੁਰਗ ਔਰਤਾਂ ਅਤੇ 20 ਆਦਮੀ ਮੌਜੂਦ ਸਨ।

# ਸਵਿਮਿੰਗ ਪੂਲ ’ਚ ਨਹਾਉਂਦੇ ਸਮੇਂ ਨੌਜਵਾਨਾਂ ’ਚ ਹੋਈ ਤਕਰਾਰ, ਚੱਲੀਆਂ ਗੋਲੀਆਂ

ਅੱਤ ਦੀ ਪੈ ਰਹੀ ਗਰਮੀ ‘ਚ ਨਹਾਉਣਾ ਉਸ ਸਮੇਂ ਮਹਿੰਗਾ ਪੈ ਗਿਆ ਜਦੋਂ ਹਲਕਾ ਬਾਬਾ ਬਕਾਲਾ ਦੇ ਪਿੰਡ ਖੱਖ ਦੇ ਨੌਜਵਾਨਾਂ ਵਿਚਾਲੇ ਜੰਡਿਆਲਾ ਗੁਰੂ ਵਿਖੇ ਬੀਤੇ ਕੱਲ੍ਹ ਸਵਿਮਿੰਗ ਪੂਲ ’ਚ ਨਹਾਉਣ ਸਮੇਂ ਹੋਈ ਤਕਰਾਰ ਦੇ ਚੱਲਦਿਆਂ ਦੇਰ ਸ਼ਾਮ ਪਿੰਡ ਆ ਕੇ ਨੌਜਵਾਨਾਂ ਵੱਲੋਂ ਕੁਝ ਅਣਪਛਾਤੇ ਵਿਅਕਤੀਆਂ ਨੂੰ ਨਾਲ ਲੈ ਕੇ ਪਿੰਡ ਦੇ ਹੀ ਵਿਅਕਤੀਆਂ ‘ਤੇ ਗੋਲੀਆਂ ਚਲਾਉਣ ਦਾ ਸਮਾਚਾਰ ਹੈ॥

ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਵੈਰੋਵਾਲ ਦੇ ਐੱਸ.ਐੱਚ.ਓ. ਪਰਮਜੀਤ ਸਿੰਘ ਵਿਰਦੀ ਨੇ ਦੱਸਿਆ ਕਿ ਪਿੰਡ ਖੱਖ ਦੇ ਕੁਝ ਨੌਜਵਾਨ ਜੰਡਿਆਲਾ ਗੁਰੂ ਸਵਿਮਿੰਗ ਪੂਲ ’ਚ ਨਹਾਉਣ ਵਾਸਤੇ ਗਏ ਸਨ, ਜਿਥੇ ਉਨ੍ਹਾਂ ਦਾ ਆਪਸ ’ਚ ਝਗੜਾ ਹੋ ਗਿਆ ਤੇ ਪਿੰਡ ਆ ਕੇ ਸ਼ਾਮ ਨੂੰ ਕੁਝ ਨੌਜਵਾਨਾਂ @ਤੇ ਫਾਇਰਿੰਗ ਕੀਤੀ ਗਈ ਪਰ ਕੋਈ ਜਾਨੀ ਨੁਕਸਾਨ ਨਹੀਂ ਹੋਇਆ ਇਸ ਸਬੰਧੀ ਜੁਗਰਾਜ ਸਿੰਘ ਪੁੱਤਰ ਬਲਵਿੰਦਰ ਸਿੰਘ ਤੇ ਹਮੇਸ਼ ਸਿੰਘ ਪੁੱਤਰ ਬਲਜੀਤ ਸਿੰਘ ਵਾਸੀ ਖੱਖ ਸਮੇਤ 4 ਅਣਪਛਾਤੇ ਵਿਆਕਤੀਆਂ ਖ਼ਿਲਾਫ਼ ਮੁਕੱਦਮਾ ਦਰਜ ਕਰ ਲਿਆ ਗਿਆ ਹੈ, ਜਿਨ੍ਹਾਂ ਦੀ ਭਾਲ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।

# ਟਰਾਈਡੈਂਟ ਵਲੋਂ ਵਿਦਿਆਰਥੀ ਮਨਪ੍ਰੀਤ ਸਿੰਘ ਨੂੰ ਇੱਕ ਲੱਖ ਰੁਪਏ ਦਾ ਚੈਕ ਭੇਟ



**ਬਰਨਾਲਾ/ਕਰਨ ਬਰਨਾਲਾ**

ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅੱਠਵੀਂ ਜਮਾਤ ਦੀ ਪ੍ਰੀਖਿਆ ਵਿਚੋਂ ਸੂਬੇ ਭਰ ’ਚ ਪਹਿਲਾ ਸਥਾਨ ਹਾਸਲ ਕਰਨ ਵਾਲੇ ਸਰਕਾਰੀ ਮਿਡਲ ਸਕੂਲ ਗੁੰਮਟੀ ਦੇ ਵਿਦਿਆਰਥੀ ਮਨਪ੍ਰੀਤ ਸਿੰਘ ਨੂੰ ਟਰਾਈਡੈਂਟ ਗਰੁੱਪ ਵਲੋਂ ਚੇਅਰਮੈਨ ਪਦਮਸ੍ਰੀ ਰਾਜਿੰਦਰ ਗੁਪਤਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇੱਕ ਲੱਖ ਰੁਪਏ ਦਾ ਚੈੱਕ ਭੇਟ ਕੀਤਾ ਗਿਆ ਅਤੇ ਇਹ ਚੈੱਕ ਵਿਦਿਆਰਥੀ ਨੂੰ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਹਰੀਸ਼ ਨਈਅਰ ਵਲੋਂ ਟਰਾਈਡੈਂਟ ਅਧਿਕਾਰੀ ਰੁਪਿੰਦਰ ਗੁਪਤਾ ਤੇ ਪਵਨ ਸਿੰਗਲਾ ਦੀ ਹਾਜ਼ਰੀ ਵਿਚ ਵਿਦਿਆਰਥੀ ਨੂੰ ਸੌਂਪਿਆ ਗਿਆ। ਸ੍ਰੀ ਰੁਪਿੰਦਰ ਗੁਪਤਾ ਨੇ ਦੱਸਿਆ ਕਿ ਪਦਮਸ੍ਰੀ ਰਾਜਿੰਦਰ ਗੁਪਤਾ ਵਲੋਂ ਵਿਦਿਆਰਥੀ ਨੂੰ ਇੱਕ ਲੱਖ ਰੁਪਏ ਦੇਣ ਅਤੇ ਭਵਿੱਖ ਵਿਚ ਉਸ ਦੀ ਪੜ੍ਹਾਈ ’ਤੇ ਹੋਣ ਵਾਲਾ ਸਾਰਾ ਖਰਚਾ ਚੁੱਕਣ ਦਾ ਐਲਾਨ ਕੀਤਾ ਗਿਆ ਸੀ ਤਾਂ ਜੋ ਇਹ ਹੋਣਹਾਰ ਵਿਦਿਆਰਥੀ ਵਧੀਆ ਪੜ੍ਹਾਈ ਹਾਸਲ ਕਰ ਕੇ ਜ਼ਿਲਾ ਬਰਨਾਲਾ ਦਾ ਨਾਮ ਹੋਰ ਉੱਚਾ ਕਰ ਸਕੇ। ਜਿਸ ਦੇ ਤਹਿਤ ਹੀ ਅੱਜ ਇਹ ਚੈੱਕ ਵਿਦਿਆਰਥੀ ਨੂੰ ਦਿੱਤਾ ਗਿਆ ਹੈ ਅਤੇ ਭਵਿੱਖ ਵਿਚ ਉਸ ਵਲੋਂ ਕੀਤੀ ਜਾਣ ਵਾਲੀ ਪੜ੍ਹਾਈ ਲਈ ਆਰਥਿਕ ਪੱਖੋਂ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਇਸ ਮੌਕੇ ਮਨਪ੍ਰੀਤ ਸਿੰਘ ਦੀ ਮਾਤਾ ਕਿਰਨਜੀਤ ਕੌਰ, ਦਾਦਾ ਜੋਰਾ ਸਿੰਘ, ਸਰਪੰਚ ਗੁਰਮੀਤ ਕੌਰ, ਬਲਵਿੰਦਰ ਸਿੰਘ ਗੁੰਮਟੀ ਵੀ ਹਾਜ਼ਰ ਸਨ।

# ਸਬ ਡਿਵੀਜ਼ਨ ਬੰਡਾਲਾ ਵਿਖੇ ਟੈਕਨੀਕਲ ਸਰਵਿਸਜ ਯੂਨੀਅਨ ਦੀ ਚੋਣ ਹੋਈ



**ਜੰਡਿਆਲਾ ਗੁਰੂ/ਜਸਪਾਲ ਸ਼ਰਮਾ**

ਸਬ ਡਿਵੀਜ਼ਨ ਬੰਡਾਲਾ ਵਿਖੇ ਟੈਕਨੀਕਲ ਸਰਵਿਸਜ ਯੂਨੀਅਨ ਦੀ ਚੋਣ ਹੋਈ ਜਿਸ ਦੀ ਅਗਵਾਈ ਡਵੀਜਨ ਪ੍ਰਧਾਨ ਜੈਮਲ ਸਿੰਘ ਜੀ ਵਲੋ ਕੀਤੀ ਗਈ ਸ/ਡ ਬੰਡਾਲਾ ਦੇ ਸਾਥੀਆ ਵਲੋ ਹੇਠ ਲਿਖੇ ਸਾਥੀਆ ਦੀ ਪੰਜ ਮੈਮਬਰੀ ਕਮੇਟੀ ਚੂਣੀ ਗਈ ਪ੍ਰਧਾਨ ਮਨੋਜ ਕੂਮਾਰ,ਮੀਤ ਪ੍ਰਧਾਨ ਕਵਲ ਪ੍ਰਕਾਸ਼ ਸਿੰਘ,ਸਕੱਤਰ ਗੂਰਦੇਵ ਸਿੰਘ ਨੇਤਾ,ਮੀਤ ਸਕੱਤਰ ਮਨਜਿੰਦਰ ਸਿੰਘ,ਕੈਸ਼ੀਅਰ ਸ਼ਿਵਰਾਜ ਸਿੰਘ ਚੁਣਿਆ ਗਿਆ ਇਸ ਮੋਕੇ ਤੇ ਹੇਠ ਲਿਖੇ ਸਾਥੀਆ ਵਲੋ ਸ਼ਾਮੂਲੀਅਤ ਕੀਤੀ ਗਈ ਟੈਕਨੀਕਲ ਸਰਵਿਸਜ ਯੂਨੀਅਨ ਦੇ ਪੰਜਾਬ ਬਿਜਲੀਕਾਮੇ ਦੇ ਕੈਸ਼ੀਅਰ ਦਲਬੀਰ ਸਿੰਘ ਜੋਹਲ, ਟੈਕਨੀਕਲ ਸਰਵਿਸਜ ਯੂਨੀਅਨ ਦੇ ਪੰਜਾਬ ਬਿਜਲੀਕਾਮੇ ਦੇ ਸੰਮਪਾਦਕ ਕੂਲਦੀਪ ਸਿੰਘ ਉਦੋਕੇ,ਬਿਕਰਮਜੀਤ ਸਿੰਘ ਟਾਗਰਾ,ਸੂਖਮਿੰਦਰ ਸਿੰਘ,ਕਾਬਲ ਸਿੰਘ, ਗੂਰਦੇਵ ਸਿੰਘ ਮਾਨਾਵਾਲਾ,ਚਰਨਕਵਲ ਸਿੰਘ,ਸ਼ਿਵਰਾਜ ਸਿੰਘ,ਗੂਰਦੇਵ ਨੇਤਾ,ਵਰਿੰਦਰ ਸਿੰਘ,ਜੇ.ਈ.ਰਘਬੀਰ ਸਿੰਘ,ਜੇ.ਈ ਸੂਖਵਿੰਦਰ ਸਿੰਘ,ਜੇ.ਈ.ਹਰਪਰੀਤ ਸਿੰਘ,ਕਵਲ ਪ੍ਰਕਾਸ਼ ਸਿੰਘ,ਗੁਰਦੇਵ ਨੇਤਾ,ਲਖਬੀਰ ਸਿੰਘ,ਗੂਰਨਾਮ ਸਿੰਘ,ਬਲਦੀਪ ਸਿੰਘ,ਸਤਨਾਮ ਸਿੰਘ,ਗੂਰਲਾਲ ਸਿੰਘ,ਐਮ.ਐਸ.ਯੂ ਡਵੀਜਨ ਸਕੱਤਰ ਮੈਜਰ ਸਿੰਘ,ਸੂਖਜਿੰਦਰ ਸਿੰਘ,ਕੂਲਦੀਪ ਸਿੰਘ,ਦਿਲਬਾਗ ਸਿੰਘ ਆਦਿ ਸਾਥੀ ਹਾਜਰ ਸਨ।

# ਕਿਰਤੀ ਕਿਸਾਨ ਯੂਨੀਅਨ ਨੇ ਨਹਿਰੀ ਪਾਣੀਆਂ ਬਾਰੇ,ਮੂੰਗੀ ਅਤੇ ਮੱਕੀ ਦੀ ਖ੍ਰੀਦ ਲਈ ਵਜਾਇਆ ਸੰਘਰਸ਼ ਦਾ ਬਿਗਲ

ਕਿਰਤੀ ਕਿਸਾਨ ਯੂਨੀਅਨ ਦੀ ਜਿਲਾ ਕਮੇਟੀ ਦੀ ਮੀਟਿੰਗ ਜਥੇਬੰਦੀ ਦੇ ਸਥਾਨਕ ਦਫਤਰ ਵਿਖੇ ਹੋਈ ਜਿਸ ਵਿਚ ਸੂਬਾ ਕਮੇਟੀ ਦੇ ਕਈ ਪ੍ਰੋਗਰਾਮ ਲਾਗੂ ਕਰਨ ਦਾ ਫੈਸਲਾ ਕੀਤਾ ਗਿਆ ਮੀਟਿੰਗ ਨੂੰ ਸੰਬੋਧਨ ਕਰਦਿਆਂ ਜਿਲਾ ਪ੍ਰਧਾਨ ਸੁਰਿੰਦਰ ਸਿੰਘ ਬੈਂਸ ਅਤੇ ਸੂਬਾ ਕਮੇਟੀ ਮੈਂਬਰ ਭੁਪਿੰਦਰ ਸਿੰਘ ਵੜੈਚ ਨੇ ਕਿਹਾ ਕਿ ਏ ਆਈ ਕੇ ਐਮ ਐਸ ਦੇ ਕੌਮੀ ਜਨਰਲ ਸਕੱਤਰ ਅਸ਼ੀਸ਼ ਮਿੱਤਲ ਉੱਤੇ ਯੂ ਪੀ ਦੀ ਅਦਿੱਤਿਆਨਾਥ ਸਰਕਾਰ ਵੱਲੋਂ ਝੂਠਾ ਪਰਚਾ ਦਰਜ ਕਰਨ ਵਿਰੁੱਧ 20 ਜੂਨ ਨੂੰ ਡੀ ਸੀ ਦਫਤਰ ਨਵਾਂਸ਼ਹਿਰ ਅੱਗੇ ਕਿਰਤੀ ਕਿਸਾਨ ਯੂਨੀਅਨ ਵੱਲੋਂ ਰੋਸ ਮੁਜ਼ਾਹਰਾ ਕਰਕੇ ਪਰਚਾ ਰੱਦ ਕਰਨ ਸਬੰਧੀ ਡੀ.ਸੀ ਨੂੰ ਮੰਗ ਪੱਤਰ ਦਿੱਤਾ ਜਾਵੇਗਾ,16 ਜੂਨ ਨੂੰ ਨਵਾਂਸ਼ਹਿਰ ਦਾਣਾ ਮੰਡੀ ਮੂੰਗੀਅਤੇ ਮੱਕੀ ਦੀ ਖਰੀਦ ਲਈ ਇਕੱਠੇ ਹੋ ਕੇ ਬਿਨਾਂ ਸ਼ਰਤ ਖਰੀਦ ਸਬੰਧੀ 22 ਕਿਸਾਨ



ਜਥੇਬੰਦੀਆਂ ਦੇ ਸਾਂਝੇ ਫਰੰਟ ਵੱਲੋਂ ਮੰਗ ਪੱਤਰ ਸਾਂਝੇ ਤੌਰ ਤੇ ਦਿੱਤੇ ਜਾਣਗੇ, ਉਹਨਾਂ ਕਿਹਾ ਕਿ ਪੰਚਾਇਤੀ ਜ਼ਮੀਨਾਂ ਤੋਂ ਕਬਜੇ ਛੁਡਵਾਉਣ ਦੇ ਨਾਂਅ ਹੇਠ ਆਬਾਦਕਾਰ ਕਿਸਾਨਾਂ ਦੇ ਉਜਾੜੇ ਖਿਲਾਫ਼ ਕਿਸਾਨਾਂ ਨੂੰ ਲਾਮਬੰਦ ਕਰਕੇ ਸਥਾਨਕ ਹਾਲਤਾਂ ਅਨੁਸਾਰ ਸੰਘਰਸ਼ ਲੜਿਆ ਜਾਵੇਗਾ 28 ਜੂਨ ਨੂੰ ਨਹਿਰੀ ਪ੍ਰਣਾਲੀ ਠੀਕ ਕਰਕੇ ਪਾਣੀ ਹਰੇਕ ਖੇਤ ਤੱਕ ਪਹੁੰਚਾਉਣ ਦਾ ਪ੍ਰਬੰਧ ਕਰਵਾਉਣ/ ਨਹਿਰਾਂ ਸਾਰਾ ਸਾਲ ਚਲਾਉਣ ਅਤੇ ਦਰਿਆਵਾਂ @ਚ ਪੈਂਦੇ ਜਹਿਰੀਲੇ ਮਾਦੇ ਨੂੰ ਬੰਦ ਕਰਵਾਉਣ ਲਈ ਚੰਡੀਗੜ੍ਹ ਵਿੱਖੇ ਕਿਰਤੀ ਕਿਸਾਨ ਯੂਨੀਅਨ ਵੱਲੋਂ ਸੂਬਾ ਪੱਧਰੀ ਮੁਜ਼ਾਹਰਾ ਕੀਤਾ ਜਾਵੇਗਾ ਆਗੂਆਂ ਨੇ ਕਿਹਾ ਕਿ 25 ਜੂਨ ਨੂੰ ਦੇਸ਼ ਭਗਤ ਹਾਲ ਜਲੰਧਰ ਵਿਚ ਪਾਣੀਆਂ ਦੇ ਮਸਲੇ ਤੇ 22 ਕਿਸਾਨ ਜਥੇਬੰਦੀਆਂ ਦੇ ਸਾਂਝੇ ਫਰੰਟ ਵੱਲੋਂ ਕਨਵੈਨਸ਼ਨ ਹੋਵੇਗੀ ਜਿਸ ਵਿੱਚ ਇਸ ਜਿਲੇ ਵਿਚੋਂ ਕਿਰਤੀ ਕਿਸਾਨ ਯੂਨੀਅਨ ਦੇ ਵਰਕਰ ਵੀ ਸ਼ਮੂਲੀਅਤ ਕਰਨਗੇ ਅੱਜ ਦੀ ਮੀਟਿੰਗ ਵਿਚ ਮੱਖਣ ਸਿੰਘ ਭਾਨਮਜਾਰਾ,ਸੁਰਿੰਦਰ ਸਿੰਘ ਮਹਿਰਮ ਪੁਰ, ਰਘਵੀਰ ਸਿੰਘ ਅਸਮਾਨ ਪੁਰ, ਸੋਹਣ ਸਿੰਘ ਅਟਵਾਲ, ਮੇਜਰ ਸਿੰਘ ਅਸਮਾਨ ਪੁਰ, ਪਰਮਜੀਤ ਸਿੰਘ ਸ਼ਹਾਬਪੁਰ, ਬਚਿੱਤਰ ਸਿੰਘ ਮਹਿਮੂਦ ਪੁਰ, ਬਿੱਕਰ ਸਿੰਘ ਸ਼ੇਖੂਪੁਰ ਬਾਗ,ਅਵਤਾਰ ਸਿੰਘ ਉੜਾਪੜ,ਕਰਨੈਲ ਸਿੰਘ ਉੜਾਪੜ, ਰਾਣਾ ਰਾਮਜੀ ਦਾਸ ਆਗੂ ਵੀ ਮੌਜੂਦ ਸਨ।

# ਕੇਵਲ ਸਿੰਘ ਢਿੱਲੋਂ ਦੀ ਚੋਣ ਮੁਹਿੰਮ ਨੂੰ ਮਿਲ ਰਿਹੈ ਭਰਵਾਂ ਹੁੰਗਾਰਾ, ਵੱਖ ਵੱਖ ਪਾਰਟੀਆਂ ਨੂੰ ਛੱਡ ਕੇ ਲੋਕ ਭਾਜਪਾ ਵਿੱਚ ਹੋਏ ਸ਼ਾਮਲ



**ਬਰਨਾਲਾ/ਕਰਨ ਬਰਨਾਲਾ**

ਲੋਕ ਸਭਾ ਜਿਮਨੀ ਚੋਣ ਵਿੱਚ ਭਾਜਪਾ ਉਮੀਦਵਾਰ ਕੇਵਲ ਸਿੰਘ ਢਿੱਲੋਂ ਦੀ ਚੋਣ ਮੁਹਿੰਮ ਨੂੰ ਦਿਨੋਂ ਦਿਨ ਭਰਵਾਂ ਹੁੰਗਾਰਾ ਮਿਲ ਰਿਹਾ ਹੈ ਰੋਜ਼ਾਨਾ ਵੱਖ ਵੱਖ ਪਾਰਟੀਆਂ ਨੂੰ ਛੱਡ ਕੇ ਲੋਕ ਭਾਜਪਾ ਵਿੱਚ ਸ਼ਾਮਲ ਹੋ ਰਹੇ ਹਨ ਇਸੇ ਲੜੀ ਤਹਿਤ ਅੱਜ ਬਰਨਾਲਾ ਵਿਖੇ ਕਈ ਜਣਿਆਂ ਨੇ ਸ਼੍ਰੋਮਣੀ ਅਕਾਲੀ ਦਲ ਅਤੇ ਕਾਂਗਰਸ ਪਾਰਟੀ ਨੂੰ ਛੱਡ ਕੇ ਭਾਜਪਾ ਦਾ ਪੱਲਾ ਫ਼ੜ ਲਿਆ, ਜਿਹਨਾਂ ਨੂੰ ਕੇਵਲ ਸਿੰਘ ਢਿੱਲੋਂ ਵਲੋਂ ਪਾਰਟੀ ਵਿੱਚ ਸ਼ਾਮਲ ਕੀਤਾ ਗਿਆ ਇਸ ਮੌਕੇ ਗੱਲਬਾਤ ਕਰਦਿਆਂ ਕੇਵਲ ਸਿੰਘ ਢਿੱਲੋਂ ਨੇ ਕਿਹਾ ਕਿ ਉਹ ਅਤੇ ਉਹਨਾਂ ਦੀ ਪਾਰਟੀ ਦੇ ਆਗੂ ਲਗਾਤਾਰ ਸੰਗਰੂਰ ਹਲਕੇ ਦੇ ਵੱਖ ਵੱਖ ਸ਼ਹਿਰਾਂ, ਕਸਬਿਆਂ ਅਤੇ ਪਿੰਡਾਂ ਵਿੱਚ ਚੋਣ ਪ੍ਰਚਾਰ ਕਰ ਰਹੇ ਹਨ ਲੋਕਾਂ ਵਲੋਂ ਆਪ ਮੁਹਾਰੇ ਮਨਾਂ ਮੂੰਹੀ ਪਿਆਰ ਅਤੇ ਹੁੰਗਾਰਾ ਮਿਲ ਰਿਹਾ ਹੈ ਜਿਸਤੋਂ ਸਾਬਤ ਹੋ ਰਿਹਾ ਹੈ ਕਿ ਭਾਰਤੀ ਜਨਤਾ ਪਾਰਟੀ ਦੀ ਸੰਗਰੂਰ ਲੋਕ ਸਭਾ ਹਲਕੇ ਤੋਂ ਜਿੱਤ ਪੱਕੀ ਹੈ ਉਹਨਾਂ ਕਿਹਾ ਕਿ ਸੰਗਰੂਰ ਹਲਕੇ ਦੇ ਲੋਕ ਅਗਾਂਹਵਧੂ ਸੋਚ ਵਾਲੇ ਹਨ ਲੋਕਾਂ ਨੂੰ ਭਲੀਭਾਂਤ ਪਤਾ ਹੈ ਕਿ ਕੇਂਦਰ ਵਿੱਚ ਭਾਜਪਾ ਦੀ ਸਰਕਾਰ ਹੈ ਅਤੇ ਜੇਕਰ ਇਸ ਹਲਕੇ ਤੋਂ ਭਾਜਪਾ ਦਾ ਉਮੀਦਵਾਰ ਜਿੱਤੇਗਾ ਤਾਂ ਹਲਕੇ ਦੇ ਲੋਕਾਂ ਲਈ ਵੱਡੇ ਪ੍ਰੋਜੈਕਟ ਲਿਆ ਸਕੇਗਾ, ਜਿਸ ਨਾਲ ਇਸ ਇਲਾਕੇ ਦਾ ਵਿਕਾਸ ਹੋਵੇਗਾ ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਤਿੰਨ ਮਹੀਨਿਆਂ ਦੀ ਕਾਰਗੁਜ਼ਾਰੀ ਤੋਂ ਲੋਕ ਦੁਖੀ ਹੋ ਚੁੱਕੇ ਹਨ ਪੰਜਾਬ ਵਿੱਚ ਅਮਨ ਕਾਨੂੰਨ ਦੀ ਕੋਈ ਸਥਿਤੀ ਨਹੀਂ ਹੈ ਲੋਕਾਂ ਵਿੱਚ ਘਰਾਂ ਤੋਂ ਬਾਹਰ ਨਿਕਲਣ ਵੇਲੇ ਭੈਅ ਦਾ ਮਾਹੌਲ ਹੁੰਦਾ ਹੈ ਜਿਸ ਕਰਕੇ ਅਮਨ ਕਾਨੂੰਨ ਦੀ ਸਥਿਤੀ ਨੂੰ ਪੰਜਾਬ ਵਿੱਚ ਸਿਰਫ਼ ਤੇ ਸਿਰਫ਼ ਭਾਜਪਾ ਸਰਕਾਰ ਹੀ ਕੰਟਰੋਲ ਕਰ ਸਕਦੀ ਹੈ ਇਸ ਮੌਕੇ ਪਿੰਡ ਕਰਮਗੜ੍ਹ ਤੋਂ ਅਕਾਲੀ ਦਲ ਦੇ ਐਸਸੀ ਵਿੰਗ ਦੇ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਦੂਲੋ ਤੋਂ ਇਲਾਵਾ ਪਿੰਡ ਚੀਮਾ ਤੋਂ ਇਸਤਰੀ ਅਕਾਲੀ ਦਲ ਦੀ ਸਾਬਕਾ ਪ੍ਰਧਾਨ ਪਰਮਜੀਤ ਕੌਰ, ਲਖਵਿੰਦਰ ਸਿੰਘ ਲੱਖੀ ਪੰਚਾਇਤ ਮੈਂਬਰ, ਬਸਪਾ ਦੇ ਆਗੂ ਅਮਰਜੋਤ ਸਿੰਘ, ਗੁਰਦੀਪ ਸਿੰਘ ਢਿੱਲੋਂ ਕਲੱਬ ਪ੍ਰਧਾਨ ਅਤੇ ਇਸਤਰੀ ਅਕਾਲੀ ਆਗੂ ਪਰਮਜੀਤ ਕੌਰ ਠੁੱਲ੍ਹੀਵਾਲ, ਹਰਪ੍ਰੀਤ ਸਿੰਘ ਮੈਂਬਰ ਤੇ ਕਲੱਬ ਪ੍ਰਧਾਨ, ਮਨਦੀਪ ਸਿੰਘ ਸੋਮਾ, ਕੁਲਵਿੰਦਰ ਸਿੰਘ ਕਲੱਬ ਪ੍ਰਧਾਨ ਨੇ ਭਾਜਪਾ ਵਿੱਚ ਸ਼ਮੂਲੀਅਤ ਕੀਤੀ ਇਸ ਮੌਕੇ ਯਾਦਵਿੰਦਰ ਸਿੰਘ ਸ਼ੰਟੀ ਜ਼ਿਲਾ ਪ੍ਰਧਾਨ ਬੀਜੇਪੀ, ਕਨਵਰਇੰਦਰ ਸਿੰਘ ਢਿੱਲੋਂ, ਗੁਰਜਿੰਦਰ ਸਿੰਘ ਸਿੱਧੂ, ਦੀਪ ਸੰਘੇੜਾ, ਗੁਰਜੰਟ ਸਿੰਘ ਕਰਮਗੜ੍ਹ, ਹਰਕੇਸ਼ ਸਿੰਘ ਅਤੇ ਅਮਨਦੀਪ ਸਿੰਘ ਮੈਂਬਰ ਵੀ ਹਾਜ਼ਰ ਸਨ।

# ਪੂਰਨਮਾਸ਼ੀ ਦਾ ਦਿਹਾੜਾ ਮਨਾਇਆ





**ਬੁਢਲਾਡਾ/ਲੋਕ ਬਾਣੀ**

ਗੰਗਾ ਵਾਲੇ ਖੇਤ ਬੋਹਾ ਵਿਖੇ ਪੂਰਨਮਾਸ਼ੀ ਦਾ ਦਿਹਾੜਾ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸਰਧਾ ਪੂਰਵਕ ਮਨਾਇਆ ਗਿਆ ਇਸ ਮੌਕੇ ਕਸਮੀਰ ਨੰਗਲ, ਅਮਨਦੀਪ ਗਾਦੜ ਪੱਤੀ, ਪਾਖਰ ਸਿੰਘ, ਰਾਜਪਾਲ ਸਿੰਘ ਧੰਨਪੁਰਾ, ਦਰਸਨ ਫਤਿਹਪੁਰ, ਸੇਰ ਸਿੰਘ ਬੁਢਲਾਡਾ,ਗੁਰਧਿਆਨ ਕਟਾਰੀਆ ਬੁਢਲਾਡਾ, ਜਗਦੀਸ ਦੀਸ਼ਾ ਬੁਢਲਾਡਾ, ਸੁਖਵੰਤ ਦਾਨੇਵਾਲਾ, ਸੋਨੀ ਹਰਿਆਊ, ਅੰਗਰੇਜ ਗਗਨ ਹਰਿਆਊ, ਕੁਲਦੀਪ ਹਰਿਆਊ, ਭੋਲਾ ਗੁਰਨੇ, ਸੰਗਤਾਂ ਨੂੰ ਅੰਮ੍ਰਿਤਬਾਣੀ ਗੁਟਕਾ ਸਾਹਿਬ ਸੁਖਵੰਤ ਦਾਨੇਵਾਲਾ ਤੇ ਜਗਤਾਰ ਫਤਿਹਪੁਰ ਵੱਲੋ ਮੁਫਤ ਭੇਟ ਕਰਦਿਆ ਬੇਨਤੀ ਕੀਤੀ ਕੇ ਸਾਨੂੰ ਸਾਡੇ ਰਹਿਬਰਾਂ ਦੇ ਦਰਸਾਏ ਮਾਰਗ ਤੇ ਚੱਲਣਾ ਚਾਹੀਦਾ ਹੈ।

# ਗੁਰਦਾਸਪੁਰ ਚ ਛਾਏ ਕਾਲੇ ਬੱਦਲ਼ਾਂ ਨੇ ਤਪਦੀ ਗਰਮੀ ਤੋਂ ਦਵਾਈ ਰਾਹਤ

**ਗੁਰਦਾਸਪੁਰ/ਨਵਨੀਤ ਕੁਮਾਰ:-** ਗੁਰਦਾਸਪੁਰ ਸ਼ਹਿਰ ਅੰਦਰ ਚੱਲੀਆਂ ਠੰਢੀਆਂ ਹਵਾਵਾਂ ਨੇ ਸ਼ਹਿਰ ਵਾਸੀਆਂ ਨੂੰ ਤਪਦੀ ਗਰਮੀ ਤੋਂ ਕਾਫ਼ੀ ਰਾਹਤ ਦਵਾਈ ਸ਼ਹਿਰ ਅੰਦਰ ਸ਼ਾਮ ਨੂੰ ਅਚਾਨਕ ਬਦਲੇ ਮੌਸਮ ਨਾਲ ਲੋਕਾਂ ਨੇ ਪਰਮਾਤਮਾ ਦਾ ਸ਼ੁਕਰ ਕੀਤਾ ਇੱਥੇ ਦੱਸਣਯੋਗ ਹੈ ਕਿ ਮਾਰਚ ਮਹੀਨੇ ਦੇ ਅੱਧ ਤੋਂ ਸੁਰੂ ਹੋਈ ਗਰਮੀ ਨੇ ਲੋਕਾਂ ਦਾ ਜਿਉਣਾ ਔਖਾ ਕੀਤਾ ਹੋਇਆ ਸੀ ਗੁਰਦਾਸਪੁਰ ਦਾ ਤਾਪਮਾਨ 44 ਡਿਗਰੀ ਨੂੰ ਪਾਰ ਚੁੱਕਾ ਸੀ ਮੀਂਹ ਪੈਣ ਕਾਰਨ ਮੌਸਮ ਕਾਫ਼ੀ ਸੁਹਾਵਣਾ ਹੋ ਗਿਆ ਮੀਂਹ ਪੈਣ ਕਾਰਨ ਕਿਸਾਨਾਂ ਨੂੰ ਵੀ ਕਾਫ਼ੀ ਹੱਦ ਤੱਕ ਰਾਹਤ ਮਿਲੀ ਹੈ ਜਿੱਥੇ ਗਰਮੀ ਜ਼ਿਆਦਾ ਹੋਣ ਕਾਰਨ ਬਿਜਲੀ ਦੀ ਸਪਲਾਈ ਵੀ ਪੂਰੀ ਨਹੀਂ ਹੋ ਰਹੀ ਸੀ ਜਿਸ ਨਾਲ ਮਹਿਕਮੇ ਵੱਲੋਂ ਵੱਡੇ-ਵੱਡੇ ਕੱਟ ਲਾਏ ਜਾ ਰਹੇ ਸਨ।



ਅਦਾਰਾ 'ਲੋਕ ਬਾਣੀ' ਵਿੱਚ ਛਾਪੀਆਂ ਜਾਂਦੀਆਂ ਖ਼ਬਰਾਂ, ਰਿਪੋਰਟਾਂ, ਲੇਖ, ਕਹਾਣੀਆਂ, ਕਵਿਤਾਵਾਂ ਅਤੇ ਹਰ ਕਿਸਮ ਦੇ ਇਸ਼ਤਿਹਾਰਾਂ ਵਿੱਚ ਦਿੱਤੀ ਗਈ ਸੂਚਨਾ, ਵਿਚਾਰ ਆਦਿ ਨਾਲ ਅਖ਼ਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ। ਇਸ ਅਖ਼ਬਾਰ ਵਿੱਚ ਛਪੇ ਇਸ਼ਤਿਹਾਰ (ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜ਼ਿੰਮੇਵਾਰੀ ਨਹੀਂ ਲੈਂਦੇ ਕਿਉਂਕਿ ਸਾਡਾ ਅਖ਼ਬਾਰ ਇਨ੍ਹਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ/ਸ਼ੁੱਭ ਚਿੰਤਕਾਂ ਨੂੰ ਬੇਨਤੀ ਹੈ ਕਿ ਉਹ ਇਨ੍ਹਾਂ ਇਸ਼ਤਿਹਾਰਾਂ 'ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਤੱਥਾਂ ਦੀ ਪੜਤਾਲ,ਪੁਸ਼ਟੀ ਕਰ ਲੈਣ। -ਸੰਪਾਦਕ

Daily Lok Bani (Punjabi) R.N.I. Punpun 29016,2008 Edior, Owner, Printer, Publisher, Amandeep Mehra Printed at Rachna Printers, Railway Road Jalandhar Place of Publication : 308 Sangam complex Milap Chowk, Jalandhar (India) , Contect No. : 0181-2211009, Fax : 2211009 , Email Id : lokbani08@gmail.com ,




# ਢਾਹਾਂ ਕਲੇਰਾਂ ਵਿਖੇ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਮਨਾਇਆ

ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਵੱਲੋਂ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦੇ ਹੋਏ ਮੀਰੀ ਪੀਰੀ ਦੇ ਮਾਲਕ, ਬੰਦੀ ਛੋੜ, ਸੱਚੇ ਪਾਤਸ਼ਾਹ ਧੰਨ ਧੰਨ ਗੁਰੂ ਹਰਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਅਤੇ ਸੰਗਰਾਂਦ ਦਾ ਦਿਹਾੜਾ ਅੱਜ ਗੁਰਦੁਆਰਾ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ ਇਸ ਮੌਕੇ ਸਵੇਰੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਸੰਗਤੀ ਰੂਪ ਵਿਚ ਕੀਤੇ ਗਏ ਉਪਰੰਤ ਸਜੇ ਦੀਵਾਨ ਵਿਚ ਭਾਈ ਜੋਗਾ ਸਿੰਘ ਹਜ਼ੂਰੀ ਰਾਗੀ ਜਥਾ ਗੁ: ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਨੇ ਗੁਰਬਾਣੀ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਇਸ ਮੌਕੇ ਹਰਦੇਵ ਸਿੰਘ ਕਾਹਮਾ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਸਮੂਹ ਸਾਧ ਸੰਗਤਾਂ ਨਾਲ ਵਿਚਾਰਾਂ ਦੀ ਸਾਂਝ ਪਾਉਂਦੇ ਹੋਏ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੱਤੀਆਂ ਅਤੇ ਗੁਰੂ ਜੀ ਦੇ ਜੀਵਨ ਅਤੇ ਲਾਸਾਨੀ ਗੁਰ ਇਤਿਹਾਸ ਬਾਰੇ ਸੰਗਤਾਂ ਨੂੰ ਚਾਨਣਾ ਪਾਇਆ ਇਸ ਗੁਰਮਤਿ ਸਮਾਗਮ ਵਿਚ ਹਰਦੇਵ ਸਿੰਘ ਕਾਹਮਾ ਪ੍ਰਧਾਨ, ਮਲਕੀਅਤ ਸਿੰਘ ਬਾਹੜੋਵਾਲ ਮੀਤ ਪ੍ਰਧਾਨ, ਅਮਰਜੀਤ ਸਿੰਘ ਕਲੇਰਾਂ ਚੇਅਰਮੈਨ ਫਾਈਨਾਂਸ, ਵਰਿੰਦਰ ਸਿੰਘ ਬਰਾੜ ਐੱਚ. ਆਰ. ਐਡਮਿਨ, ਮਹਿੰਦਰਪਾਲ ਸਿੰਘ ਦਫ਼ਤਰ ਸੁਪਰਡੈਂਟ, ਡਾ. ਰਵਿੰਦਰ ਖਜ਼ੂਰੀਆ ਮੈਡੀਕਲ ਸੁਪਰਡੈਂਟ ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ, ਮੈਡਮ ਦਵਿੰਦਰ ਕੌਰ ਨਰਸਿੰਗ ਸੁਪਰਡੈਂਟ ਤੋਂ ਇਲਾਵਾ ਸਮੂਹ ਟਰੱਸਟ ਸਟਾਫ, ਹਸਪਤਾਲ ਸਟਾਫ, ਨਰਸਿੰਗ ਕਾਲਜ ਸਟਾਫ਼, ਨਰਸਿੰਗ ਵਿਦਿਆਰਥੀ ਅਤੇ ਸਕੂਲ ਸਟਾਫ਼ ਹਾਜ਼ਰ ਸੀ ਇਸ ਮੌਕੇ ਸੰਗਤਾਂ ਲਈ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਵੀ ਲੱਗੀਆਂ।

# ਐਂਟੀ ਕਰੱਪਸ਼ਨ ਬਿਊਰੋ ਆਫ਼ ਇੰਡੀਆ ਵੱਲੋਂ ਡਿਪਟੀ ਕਮਿਸ਼ਨਰ ਕਪੂਰਥਲਾ ਨੂੰ ਕੀਤਾ ਸਨਮਾਨਿਤ



**ਕਪੂਰਥਲਾ/ਪਰਮਜੀਤ ਸੰਨੀ**

ਐਂਟੀ ਕਰੱਪਸ਼ਨ ਬਿਊਰੋ ਆਫ ਇੰਡੀਆ ਵੱਲੋਂ ਸਮੇਂ ਸਮੇਂ ਸਿਰ ਇਮਾਨਦਾਰ ਅਤੇ ਆਪਣੀ ਡਿਊਟੀ ਪ੍ਰਤੀ ਵਫ਼ਾਦਾਰ ਰਹਿਣ ਵਾਲੇ ਅਧਿਕਾਰੀਆਂ ਨੂੰ ਸਨਮਾਨਿਤ ਕੀਤਾ ਜਾਂਦਾ ਹੈ ਕਰੋਨਾ ਮਾਹਵਾਰੀ ਦੌਰਾਨ ਜਿਨ੍ਹਾਂ ਅਧਿਕਾਰੀਆਂ ਨੇ ਲੋਕ ਸੇਵਾ ਕੀਤੀ ਅਤੇ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਈ ਉਸ ਸਮੇਂ ਵੀ ਐਂਟੀ ਕਰੱਪਸ਼ਨ ਬਿਊਰੋ ਆਫ ਇੰਡੀਆ ਨੇ ਉਨ੍ਹਾਂ ਅਧਿਕਾਰੀਆਂ ਨੂੰ ਵੀ ਸਨਮਾਨਿਤ ਕੀਤਾ ਸੀ ਉਸੇ ਲੜੀ ਦੇ ਤਹਿਤ ਅੱਗੇ ਚੱਲਦੇ ਹੋਏ ਬੁੱਧਵਾਰ ਨੂੰ ਕਪੂਰਥਲਾ ਦੇ ਡਿਪਟੀ ਕਮਿਸ਼ਨਰ ਵਿਸ਼ੇਸ਼ ਸਾਰੰਗਲ ਨੂੰ ਆਪਣੀ ਡਿਊਟੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣ ਤੇ ਐਂਟੀ ਕਰੱਪਸ਼ਨ ਬਿਊਰੋ ਆਫ਼ ਇੰਡੀਆ ਦੇ ਬਿਊਰੋ ਚੀਫ ਮਨਦੀਪ ਗਿੱਲ ਅਤੇ ਉਨ੍ਹਾਂ ਦੀ ਪੂਰੀ ਟੀਮ ਵੱਲੋਂ ਸਨਮਾਨਿਤ ਕੀਤਾ ਗਿਆ ਮਨਦੀਪ ਗਿੱਲ ਨੇ ਕਿਹਾ ਕਿ ਕਪੂਰਥਲਾ ਵਿੱਚ ਸਾਰੇ ਅਫਸਰ ਆਪਣੀ ਡਿਊਟੀ ਪੂਰੀ ਇਮਾਨਦਾਰੀ ਅਤੇ ਲਗਨ ਨਾਲ ਨਿਭਾਉਂਦੇ ਹਨ ਸਮੇਂ ਆਉਣ ਤੇ ਤੇ ਬਾਕੀ ਅਧਿਕਾਰੀਆਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ ਇਸ ਮੌਕੇ ਤੇ ਬੋਲਦੇ ਹੋਏ ਐਂਟੀ ਕੁਰੱਪਸ਼ਨ ਬਿਊਰੋ ਆਫ਼ ਇੰਡੀਆ ਦੇ ਬਿਊਰੋ ਚੀਫ ਮਨਦੀਪ ਗਿੱਲ ਨੇ ਕਿਹਾ ਕਿ ਭ੍ਰਿਸ਼ਟਾਚਾਰ ਨੂੰ ਖ਼ਤਮ ਕਰਨ ਲਈ ਉੱਚੀ ਸੋਚ ਦੇ ਅਫਸਰ ਹੋਣਾ ਬਹੁਤ ਜ਼ਰੂਰੀ ਹੈ ਜੇਕਰ ਅਫ਼ਸਰ ਚਾਹੁਣ ਤਾਂ ਭ੍ਰਿਸ਼ਟਾਚਾਰ ਨੂੰ ਜੜ੍ਹੋਂ ਖਤਮ ਕੀਤਾ ਜਾ ਸਕਦਾ ਹੈ ਅਤੇ ਉਨ੍ਹਾਂ ਨੇ ਨਾਲ ਦੇ ਨਾਲ ਇਹ ਵੀ ਕਿਹਾ ਕਿ ਲੋਕਾਂ ਵਿਚ ਵੀ ਇਸ ਭ੍ਰਿਸ਼ਟਾਚਾਰ ਨੂੰ ਖਤਮ ਕਰਨ ਦਾ ਜੋਸ਼ ਪੈਦਾ ਹੋਣਾ ਬਹੁਤ ਜ਼ਰੂਰੀ ਹੈ ਭ੍ਰਿਸ਼ਟਾਚਾਰ ਸਾਡੇ ਦੇਸ਼ ਨੂੰ ਅੰਦਰੋਂ ਅੰਦਰੀ ਖੋਖਲਾ ਕਰ ਰਿਹਾ ਹੈ ਜੇਕਰ ਅਸੀਂ ਆਪਣੇ ਦੇਸ਼ ਨੂੰ ਬਚਾਉਣਾ ਚਾਹੁੰਦੇ ਹਾਂ ਤਾਂ ਸਾਨੂੰ ਭ੍ਰਿਸ਼ਟਾਚਾਰ ਨੂੰ ਰੋਕਣ ਲਈ ਰਲ ਮਿਲ ਕੇ ਅੱਗੇ ਆਉਣਾ ਹੋਵੇਗਾ ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਉਨ੍ਹਾਂ ਦੇ ਨਾਲ ਲਖਵਿੰਦਰ ਸਿੰਘ ਆਲਮਗੀਰ ਸੁਖਵਿੰਦਰ ਮੋਹਨ ਭਾਟੀਆ ਬਲਬੀਰ ਸਿੰਘ ਤੇਜਪਾਲ ਸਿੰਘ ,ਗੁਰਮੁਖ ਸਿੰਘ ਆਦਿ ਹਾਜ਼ਰ ਸਨ।

# ਜਲੰਧਰ ’ਚ ਹਾਈ ਅਲਰਟ ਦੌਰਾਨ ਵੱਡੀ ਵਾਰਦਾਤ, ਪ੍ਰਕਾਸ਼ ਆਈਸਕ੍ਰੀਮ ਦੇ ਬਾਹਰ ਲੱਖਾਂ ਦੀ ਲੁੱਟ

**ਜਲੰਧਰ/ਸੰਜੇ ਰਾਜਪੂਤ**

ਜਲੰਧਰ ਵਿਖੇ ਵੱਡੀ ਲੁੱਟ ਦੀ ਵਾਰਦਾਤ ਹੋਣ ਦੀ ਖ਼ਬਰ ਸਾਹਮਣੇ ਆਈ ਹੈ ਜਲੰਧਰ ਵਿਖੇ ਪ੍ਰਕਾਸ਼ ਆਈਸਕ੍ਰੀਮ ਦੇ ਬਾਹਰ ਲੁਟੇਰਿਆਂ ਵੱਲੋਂ ਪੰਜ ਲੱਖ ਰੁਪਏ ਦੀ ਲੁੱਟ ਕੀਤੀ ਗਈ ਮਿਲ ਜਾਣਕਾਰੀ ਮੁਤਾਬਕ ਸ਼ਹਿਰ ਦੇ ਹਾਈ ਅਲਰਟ ਦੇ ਵਿਚ ਗਾਜੀ ਗੁੱਲਾ ਰੋਡ @ਤੇ ਪ੍ਰਕਾਸ਼ ਆਈਸਕ੍ਰੀਮ ਦੇ ਬਾਹਰ ਪੰਜ ਲੱਖ ਰੁਪਏ ਦੀ ਲੁੱਟ ਕੀਤੀ ਗਈ ਦਾਣਾ ਮੰਡੀ ਵਿਖੇ ਜਲੰਧਰ ਸੇਲਜ਼ ਕਾਰਪੋਰੇਸ਼ਨ ਕੰਪਨੀ ਦਾ ਕਰਮਚਾਰੀ ਅਨਮੋਲ 5 ਲੱਖ ਰੁਪਏ ਲੈ ਕੇ ਬੈਂਕ ਵਿਚ ਜਮ੍ਹਾ ਕਰਵਾਉਣ ਜਾ ਰਿਹਾ ਸੀ ਕਿ ਰਸਤੇ ਵਿੱਚ ਉਹ ਪ੍ਰਕਾਸ਼ ਆਈਸਕ੍ਰੀਮ ਦੇ ਕੋਲ ਕਿਸੇ ਕੰਮ ਲਈ ਰੁਕਿਆ ਤਾਂ ਅਚਾਨਕ ਬਾਈਕ ਉਤੇ ਸਵਾਰ ਇਕ ਨੌਜਵਾਨ ਅਤੇ ਦੂਜਾ ਪੈਦਲ ਉਸ ਦੀ ਕਾਰ ਦੇ ਕੋਲ ਪੁੱਜਿਆ।

ਪੈਦਲ ਆਏ ਨੌਜਵਾਨ ਨੇ ਕਿਸੇ ਵਸਤੂ ਦੇ ਨਾਲ ਕਾਰ ਦਾ ਸ਼ੀਸ਼ਾ ਤੋੜਿਆ ਅਤੇ ਪੰਜ ਲੱਖ ਰੁਪਏ ਲੁੱਟ ਕੇ ਫ਼ਰਾਰ ਹੋ ਗਿਆ ਵਾਰਦਾਤ ਦੀ ਸਾਰੀ ਘਟਨਾ ਸੀ. ਸੀ. ਟੀ. ਵੀ. ਫੁਟੇਜ ਵਿੱਚ ਕੈਦ ਹੋ ਗਈ ਹੈ ਇਥੇ ਦੱਸਣਯੋਗ ਹੈ ਕਿ ਇਕ ਪਾਸੇ ਜਿੱਥੇ ਅੱਜ ਮੁੱਖ ਮੰਤਰੀ ਭਗਵੰਤ ਮਾਨ ਅਤੇ ਅਰਵਿੰਦ ਕੇਜਰੀਵਾਲ ਫੇਰੀ ਨੂੰ ਲੈ ਕੇ ਸੁਰੱਖਿਆ ਦੇ ਸਖ਼ਤ ਇੰਤਜ਼ਾਮ ਕੀਤੇ ਗਏ ਹਨ, ਉਥੇ ਹੀ ਜਲੰਧਰ ਵਰਗੇ ਸ਼ਹਿਰ ਵਿਚ ਪੁਲਸ ਤੋਂ ਬੇਖ਼ੌਫ਼ ਲੁਟੇਰਿਆਂ ਵੱਲੋਂ ਵੱਡੀ ਵਾਰਦਾਤ ਨੂੰ ਅੰਜਾਮ ਦਿੱਤਾ ਗਿਆ ਹੈ।

# ਪੰਜਾਬ ਸਰਕਾਰ ਨੇ ਟਿਊਬਵੈੱਲਾਂ ਦਾ ਲੋਡ ਵਧਾਉਣ ਦੀ ਫੀਸ 4750 ਤੋਂ ਘਟਾ ਕੇ 2500 ਰੁਪਏ ਕਰਕੇ ਕਿਸਾਨਾਂ ਨੂੰ ਵੱਡੀ ਰਾਹਤ ਦਿੱਤੀ : ਵਿਧਾਇਕ ਅਮਰਪਾਲ ਸਿੰਘ

**ਬਟਾਲਾ/ਸੁਖਨਾਮ ਸਿੰਘ**

ਖੇਤੀਬਾੜੀ ਨੂੰ ਲਾਹੇਵੰਦ ਧੰਦਾ ਬਣਾਉਣ ਦੀ ਵਚਨਬੱਧਤਾ ਦੁਹਰਾਉਂਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਟਿਊਬਵੈੱਲਾਂ ਦਾ ਲੋਡ ਵਧਾਉਣ ਦੀ ਫੀਸ ਮੌਜੂਦਾ 4750 ਰੁਪਏ ਤੋਂ ਘਟਾ ਕੇ 2500 ਰੁਪਏ ਕਰ ਦਿੱਤੀ ਹੈ ਪੰਜਾਬ ਸਰਕਾਰ ਦੇ ਇਸ ਫੈਸਲੇ ਦਾ ਸਵਾਗਤ ਕਰਦਿਆਂ ਵਿਧਾਨ ਸਭਾ ਹਲਕਾ ਸ੍ਰੀ ਹਰਗੋਬਿੰਦਪੁਰ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਕਿਹਾ ਕਿ ਇਸ ਫੈਸਲੇ ਨਾਲ ਕਿਸਾਨਾਂ ਨੂੰ ਵੱਡੀ ਰਾਹਤ ਮਿਲੇਗੀ।



ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਕਿਹਾ ਕਿ ਪੰਜਾਬ ਮੁੱਢ-ਕਦੀਮੋਂ ਖੇਤੀਬਾੜੀ ਆਧਾਰਤ ਅਰਥਚਾਰਾ ਰਿਹਾ ਹੈ ਅਤੇ ਇੱਥੋਂ ਦੀ ਵਸੋਂ ਦਾ ਵੱਡਾ ਹਿੱਸਾ ਖੇਤੀਬਾੜੀ ਉਤੇ ਨਿਰਭਰ ਕਰਦਾ ਹੈ ਉਨਾਂ ਝੋਰਾ ਪ੍ਰਗਟਾਇਆ ਕਿ ਅਜੋਕੇ ਦੌਰ ਵਿੱਚ ਕਿਸਾਨ ਇਹ ਨਹੀਂ ਚਾਹੁੰਦਾ ਕਿ ਉਸ ਦਾ ਪੁੱਤ ਖੇਤੀ ਕਰੇ ਕਿਉਕਿ ਖੇਤੀ ਵਿੱਚੋਂ ਕਮਾਈ ਘਟ ਰਹੀ ਹੈ ਉਨ੍ਹਾਂ ਕਿਹਾ ਕਿ ਇਹ ਰੁਝਾਨ ਬਦਲਣ ਦੀ ਲੋੜ ਹੈ, ਜਿਸ ਲਈ ਕਿਸਾਨਾਂ ਦੀਆਂ ਲਾਗਤਾਂ ਘਟਾਉਣੀਆਂ ਪੈਣਗੀਆਂ ਤਾਂ ਕਿ ਖੇਤੀਬਾੜੀ ਲਾਹੇਵੰਦ ਧੰਦਾ ਬਣੇ॥ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਕਿਹਾ ਕਿ ਕਿਸਾਨਾਂ ਨੂੰ ਟਿਊਬਵੈੱਲਾਂ ਦਾ ਲੋਡ ਵਧਾਉਣ ਲਈ ਲਗਦੀ ਵੱਡੀ ਫੀਸ ਭਰਨ ਵਿੱਚ ਦਿੱਕਤਾਂ ਦਰਪੇਸ਼ ਸਨ, ਜਿਸ ਕਾਰਨ ਇਸ ਫੀਸ ਨੂੰ ਤਕਰੀਬਨ 50 ਫੀਸਦੀ ਘਟਾ ਦਿੱਤਾ ਹੈ ਉਨਾਂ ਉਮੀਦ ਜ਼ਾਹਰ ਕੀਤੀ ਕਿ ਇਸ ਨਾਲ ਸੂਬੇ ਦੇ ਮਿਹਨਤਕਸ਼ ਕਿਸਾਨਾਂ, ਜਿਨਾਂ ਦੇਸ਼ ਦੇ ਅੰਨ ਭੰਡਾਰ ਵਿੱਚ ਵੱਡਾ ਯੋਗਦਾਨ ਪਾ ਕੇ ਮੁਲਕ ਨੂੰ ਖੁਰਾਕ ਪੱਖੋਂ ਆਤਮ ਨਿਰਭਰ ਬਣਾਇਆ, ਨੂੰ ਲੋੜੀਂਦੀ ਰਾਹਤ ਮਿਲੇਗੀ ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਤੀਬਾੜੀ ਨੂੰ ਹੋਰ ਲਾਹੇਵੰਦ ਬਣਾਉਣ ਲਈ ਇਸ ਦਿਸ਼ਾ ਵਿੱਚ ਹੋਰ ਕਦਮ ਵੀ ਚੁੱਕੇ ਜਾਣਗੇ।

# ਖ਼ੂਨਦਾਨ ਕੈਂਪ ਵਿਚ 70 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ






**ਮੋਹਾਲੀ/ਲੋਕ ਬਾਣੀ**

ਸੰਸਾਰ ਖ਼ੂਨਦਾਨ ਦਿਵਸ ਦੇ ਮੌਕੇ @ਤੇ ਮੰਗਲਵਾਰ ਨੂੰ ਮੋਹਾਲੀ ਦੇ ਆਈਵੀ ਹਸਪਤਾਲ ’ਚ ਆਯੋਜਿਤ ਖ਼ੂਨਦਾਨ ਕੈਂਪ ਵਿਚ 70 ਯੂਨਿਟ ਖ਼ੂਨ ਇਕੱਠਾ ਕੀਤਾ ਗਿਆ । ਆਈਵੀ ਗਰੁੱਪ ਆਫ ਹਾਸਪਿਟਲ ਦੇ ਚੇਅਰਮੈਨ ਗੁਰਤੇਜ ਸਿੰਘ ਨੇ ਕੇਕ ਕੱਟ ਕੇ ਕੈਂਪ ਦਾ ਉਦਘਾਟਨ ਕੀਤਾ । ਇਸ ਮੌਕੇ @ਤੇ ਨੈਫਰੋਲਾਜੀ ਦੇ ਨਿਰਦੇਸ਼ਕ ਡਾ. ਰਾਕਾ ਕੌਸ਼ਲ ਵੀ ਮੌਜੂਦ ਸਨ । ਇਸ ਮੌਕੇ @ਤੇ ਬੋਲਦੇ ਹੋਏ ਬਲੱਡ ਸੈਂਟਰ ਦੇ ਸਲਾਹਕਾਰ ਡਾ. ਵਰੁਣ ਹਟਵਾਲ ਨੇ ਕਿਹਾ ਕਿ ਕਿਸੇ ਦੀ ਜਾਨ ਬਚਾਉਣ ਦੇ ਲਈ ਖ਼ੂਨਦਾਨ ਕਰਨਾ ਨਾ ਸਿਰਫ ਇੱਕ ਮਹਾਨ ਕੰਮ ਹੈ ਸਗੋਂ ਤੁਹਾਡੀ ਸਿਹਤ ਨੂੰ ਸਹੀ ਰਾਸਤੇ @ਤੇ ਰੱਖਣ ’ਚ ਵੀ ਮਦਦ ਕਰਦਾ ਹੈ । ਇਹ ਤੁਹਾਨੂੰ ਮਾਨਸਿਕ ਅਤੇ ਸਰੀਰਕ ਦੋਵੇਂ ਤਰ੍ਹਾਂ ਨਾਲ ਤੰਦਰੁਸਤ ਰੱਖ ਸਕਦਾ ਹੈ ।

# ਜ਼ਿਲ੍ਹੇ ਵਿਚ ਕੋਈ ਵੀ ਪ੍ਰਵਾਸੀ ਬੱਚਾ ਪੋਲੀਓ ਰੋਕੂ ਬੂੰਦਾਂ ਤੋਂ ਵਾਂਝਾ ਨਾ ਰਹੇ : ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ



ਜ਼ਿਲ੍ਹੇ ਵਿਚ ਮਾਈਗ੍ਰੇਟਰੀ ਪਲਸ ਪੋਲੀਓ ਮੁਹਿੰਮ ਤਹਿਤ 19 ਜੂਨ ਤੋਂ 21 ਜੂਨ ਤੱਕ 0 ਤੋਂ 5 ਸਾਲ ਤੱਕ ਦੇ ਤਕਰੀਬਨ 5565 ਪ੍ਰਵਾਸੀ ਬੱਚਿਆਂ ਨੂੰ ਪੋਲੀਓ ਰੋਕੂ ਬੂੰਦਾਂ ਪਿਲਾਉਣ ਦਾ ਟੀਚਾ ਮਿਥਿਆ ਗਿਆ ਹੈ ਉਕਤ ਜਾਣਕਾਰੀ ਵਧੀਕ ਡਿਪਟੀ ਕਮਿਸਨਰ (ਜ) ਰਾਜੀਵ ਵਰਮਾ ਦੀ ਪ੍ਰਧਾਨਗੀ ਹੇਠ ਅੱਜ ਮਾਈਗ੍ਰੇਟਰੀ ਪਲਸ ਪੋਲੀਓ ਸਬੰਧੀ ਜ਼ਿਲ੍ਹਾ ਟਾਸਕ ਫੋਰਸ ਦੀ ਮੀਟਿੰਗ ਵਿੱਚ ਦਿੱਤੀ ਗਈ, ਜਿਸ ਵਿਚ ਸਿਹਤ ਵਿਭਾਗ, ਸਿੱਖਿਆ ਵਿਭਾਗ ਤੇ ਮਹਿਲਾ ਤੇ ਬਾਲ ਵਿਕਾਸ ਵਿਭਾਗ, ਬਿਜਲੀ ਵਿਭਾਗ, ਮਿਊਂਸੀਪਲ ਕਾਰਪੋਰੇਸ਼ਨ ਅਤੇ ਇੰਡੀਅਨ ਮੈਡੀਕਲ ਐਸੋਸੀਏਸ਼ਨ ਸਮੇਤ ਵੱਖ-ਵੱਖ ਸਰਕਾਰੀ ਵਿਭਾਗਾਂ ਦੇ ਅਧਿਕਾਰੀਆਂ ਨੇ ਭਾਗ ਲਿਆ ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਰਾਜੀਵ ਵਰਮਾ ਨੇ 19 ਜੂਨ ਤੋਂ ਸ਼ੁਰੂ ਹੋਣ ਜਾ ਰਹੀ ਤਿੰਨ ਦਿਨਾਂ ਮਾਈਗ੍ਰੇਟਰੀ ਪਲਸ ਪੋਲੀਓ ਮੁਹਿੰਮ ਨਾਲ ਜੁੜੇ ਸਾਰੇ ਪ੍ਰਬੰਧਾਂ ਦੀ ਸਮੀਖਿਆ ਕੀਤੀ ਉਨ੍ਹਾਂ ਨੇ ਮੀਟਿੰਗ ਵਿਚ ਮੌਜੂਦ ਵੱਖ-ਵੱਖ ਵਿਭਾਗਾਂ ਨੂੰ ਹਦਾਇਤ ਕੀਤੀ ਕਿ ਮਾਈਗ੍ਰੇਟਰੀ ਪਲਸ ਪੋਲੀਓ ਮੁਹਿੰਮ ਨੂੰ ਸਫਲ ਬਣਾਉਣ ਲਈ ਸਿਹਤ ਵਿਭਾਗ ਨਾਲ ਤਾਲਮੇਲ ਕਰਕੇ ਹਰ ਪੱਖ ਤੋਂ ਸਹਿਯੋਗ ਕੀਤਾ ਜਾਵੇ ਤਾਂ ਜੋ ਕੋਈ ਵੀ ਬੱਚਾ ਪੋਲੀਓ ਰੋਕੂ ਬੂੰਦਾਂ ਪੀਣ ਤੋਂ ਵਾਂਝਾ ਨਾ ਰਹਿ ਜਾਵੇ ਉਨ੍ਹਾਂ ਕਿਹਾ ਕਿ ਸਾਰੇ ਵਿਭਾਗਾਂ ਦੇ ਸਹਿਯੋਗ ਨਾਲ ਮੁਹਿੰਮ ਨੂੰ ਪ੍ਰਭਾਵਸਾਲੀ ਢੰਗ ਨਾਲ ਚਲਾਇਆ ਜਾ ਸਕਦਾ ਹੈ ਉਨ੍ਹਾਂ ਨਾਲ ਹੀ ਕਿਹਾ ਕਿ ਮੁਹਿੰਮ ਦੌਰਾਨ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਨਾ ਵਰਤੀ ਜਾਵੇ ਅਤੇ ਸਾਰੇ ਵਿਭਾਗਾਂ ਦੁਆਰਾ ਆਪਣੇ ਖੇਤਰ ਵਿਚ ਜਾਗਰੂਕਤਾ ਗਤੀਵਿਧੀਆਂ ਕਰਕੇ ਲੋਕਾਂ ਨੂੰ ਪੋਲੀਓ ਮੁਹਿੰਮ ਪ੍ਰਤੀ ਜਾਗਰੂਕ ਵੀ ਕੀਤਾ ਜਾਵੇ ਤਾਂ ਜੋ ਮਿੱਥੇ ਟੀਚੇ ਨੂੰ ਸਫਲਤਾਪੂਰਵਕ ਪੂਰਾ ਕੀਤਾ ਜਾ ਸਕੇ ਉਨ੍ਹਾਂ ਦੱਸਿਆ ਕਿ ਮਾਈਗ੍ਰੇਟਰੀ ਪਲਸ ਪੋਲਿਓ ਮੁਹਿੰਮ ਤਹਿਤ ਝੁੱਗੀਆਂ-ਝੌਂਪੜੀਆਂ, ਉਦਯੋਗਿਕ ਖੇਤਰਾਂ, ਇੱਟਾਂ ਦੇ ਭੱਠਿਆਂ, ਰਿਹਾਇਸ਼ੀ ਡੇਰਿਆਂ, ਨਿਰਮਾਣ ਅਧੀਨ ਇਮਾਰਤਾਂ ਤੇ ਦਾਣਾ ਮੰਡੀਆਂ ਆਦਿ ਸਲੱਮ ਖੇਤਰਾਂ ਵਿਚ 0 ਤੋਂ 5 ਸਾਲ ਤੱਕ ਦੇ 5565 ਪ੍ਰਵਾਸੀ ਬੱਚਿਆ ਨੂੰ ਘਰ-ਘਰ ਜਾ ਕੇ ਪੋਲਿਓ ਰੋਕੂ ਬੂੰਦਾਂ ਪਿਲਾਈਆਂ ਜਾਣੀਆਂ ਹਨ ਇਸ ਮੁਹਿੰਮ ਨੂੰ ਸਫਲਤਾਪੂਰਵਕ ਨੇਪਰੇ ਚਾੜਨ ਲਈ ਕੋਈ ਕਸਰ ਬਾਕੀ ਨਾ ਛੱਡੀ ਜਾਵੇ ਉਨ੍ਹਾਂ ਨੇ ਦੱਸਿਆ ਕਿ ਭਾਵੇਂ ਪਿਛਲੇ ਦਸ ਸਾਲਾਂ ਦੌਰਾਨ ਪੋਲਿਓ ਦਾ ਭਾਰਤ ਵਿੱਚ ਕੋਈ ਵੀ ਕੇਸ ਸਾਹਮਣੇ ਨਹੀਂ ਆਇਆ ਪਰ ਸਾਡੇ ਗੁਆਂਢੀ ਦੇਸ਼ ਪਾਕਿਸਤਾਨ ਅਤੇ ਅਫ਼ਗਾਨਿਸਤਾਨ ਵਿੱਚ ਪੋਲਿਓ ਦੇ ਵਾਇਰਸ ਦਾ ਸੰਚਾਰ ਅਜੇ ਵੀ ਜਾਰੀ ਹੈ ਜੋ ਭਾਰਤ ਵਿੱਚ ਵੀ ਪ੍ਰਵੇਸ਼ ਕਰ ਸਕਦਾ ਹੈ ਇਸ ਦੇ ਮੱਦੇਨਜ਼ਰ ਇਹ ਪੋਲੀਓ ਵਾਇਰਸ ਉਨਾਂ ਬੱਚਿਆਂ ਲਈ ਖ਼ਤਰਾ ਪੈਦਾ ਕਰ ਸਕਦਾ ਹੈ, ਜਿਨ੍ਹਾਂ ਨੇ ਪੋਲੀਓ ਰੋਕੂ ਬੂੰਦਾਂ ਨਹੀਂ ਪੀਤੀਆਂ ਹਨ ਇਸ ਲਈ ਇਹ ਮਾਈਗ੍ਰੇਟਰੀ ਪਲਸ ਪੋਲੀਓ ਰਾਊਂਡ ਬਹੁਤ ਮਹੱਤਵਪੂਰਨ ਹੈ ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਇਹ ਯਕੀਨੀ ਬਣਾਏ ਕਿ ਜ਼ਿਲ੍ਹੇ ਦੇ ਜ਼ੀਰੋ ਤੋਂ ਪੰਜ ਸਾਲ ਦੇ ਸਾਰੇ ਮਾਈਗ੍ਰੇਟਰੀ ਬੱਚਿਆ ਨੂੰ ਪੋਲਿਓ ਰੋਕੂ ਬੂੰਦਾਂ ਪਿਲਾਈਆਂ ਜਾਣ ਪੋਲੀਓ ਬੂੰਦਾਂ ਤੋਂ ਕੋਈ ਵੀ ਬੱਚਾ ਵਾਂਝਾ ਨਹੀਂ ਰਹਿਣਾ ਚਾਹੀਦਾ ਹੈ ਸ੍ਰੀ ਵਰਮਾ ਨੇ ਇਹ ਵੀ ਹਦਾਇਤਾਂ ਜਾਰੀ ਕੀਤੀਆਂ ਕਿ ਪੋਲੀਓ ਦੀਆਂ ਬੂੰਦਾਂ ਕੋਰੋਨਾ ਮਹਾਂਮਾਰੀ ਦੇ ਪ੍ਰੋਟੋਕਾਲ ਨੂੰ ਧਿਆਨ ਵਿਚ ਰੱਖ ਕੇ ਪਿਲਾਈਆਂ ਜਾਣ ਪੋਲੀਓ ਬੂੰਦਾਂ ਪਿਆਉਣ ਸਮੇਂ ਮਾਸਕ, ਸੈਨੇਟਾਈਜ਼ਰ, ਸਮਾਜਿਕ ਦੂਰੀ ਦਾ ਖਾਸ ਧਿਆਨ ਰੱਖਿਆ ਜਾਵੇ ਤਾਂ ਜੋ ਪੋਲੀਓ ਦੇ ਨਾਲ-ਨਾਲ ਕਰੋਨਾ ਮਹਾਂਮਾਰੀ ਦੀ ਰੋਕਥਾਮ ਲਈ ਵੀ ਸਾਵਧਾਨੀਆਂ ਵਰਤੀਆਂ ਜਾ ਸਕਣ ਇਸ ਮੌਕੇ ਸਹਾਇਕ ਸਿਵਲ ਸਰਜਨ ਡਾ. ਜਸਦੇਵ ਸਿੰਘ ਨੇ ਦੱਸਿਆ ਕਿ ਮਾਈਗ੍ਰੇਟਰੀ ਪਲਸ ਪੋਲੀਓ ਮੁਹਿੰਮ ਨੂੰ ਸਫਲ ਬਣਾਉਣ ਲਈ 53 ਟੀਮਾਂ ਤਾਇਨਾਤ ਕਰ ਦਿੱਤੀਆਂ ਗਈਆਂ ਹਨ ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ ਸਲੱਮ ਤੇ ਮਾਈਗ੍ਰੇਟਰੀ ਵੱਸੋਂ ਵਾਲੇ ਇਲਾਕਿਆਂ ਵਿਚ ਪੋਲੀਓ ਬੂੰਦਾਂ ਪਿਲ਼ਾਉਣ ਲਈ ਕੁੱਲ 102 ਵੈਕਸੀਨੇਟਰ ਲਗਾ ਦਿੱਤੇ ਗਏ ਹਨ, ਜਿਨ੍ਹਾਂ ਦੀ ਨਿਗਰਾਨੀ 13 ਸੁਪਰਵਾਈਜ਼ਰ ਕਰਨਗੇ ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਅਪੀਲ ਕੀਤੀ ਕਿ ਸਿਹਤ ਵਿਭਾਗ ਵੱਲੋਂ 0 ਤੋਂ 5 ਸਾਲ ਤੱਕ ਦੇ ਮਾਈਗ੍ਰੇਟਰੀ ਬੱਚਿਆਂ ਨੂੰ ਪੋਲੀਓ ਬੂੰਦਾਂ ਪਿਲਾਉਣ ਲਈ 19 ਜੂਨ ਤੋਂ 21 ਜੂਨ ਤੱਕ ਚਲਾਈ ਜਾ ਰਹੀ ਮਾਈਗ੍ਰੇਟਰੀ ਪਲਸ ਪੋਲੀਓ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਪੂਰਾ ਸਹਿਯੋਗ ਦਿੱਤਾ ਜਾਵੇ ਤਾਂ ਜੋ ਇਸ ਬਿਮਾਰੀ ਨੂੰ ਮੁੜ ਸਿਰ ਚੁੱਕਣ ਤੋਂ ਰੋਕਿਆ ਜਾ ਸਕੇ ਇਸ ਮੌਕੇ ਐਸ ਡੀ ਐਮ ਬੰਗਾ ਨਵਨੀਤ ਕੌਰ ਬੱਲ, ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਬਲਵਿੰਦਰ ਕੁਮਾਰ, ਸੀਨੀਅਰ ਮੈਡੀਕਲ ਅਫਸਰ ਡਾ. ਗੀਤਾਂਜਲੀ ਸਿੰਘ, ਡਾ. ਬਲਵੀਰ ਕੁਮਾਰ, ਡਾ. ਹਰਬੰਸ ਸਿੰਘ, ਡਾ. ਕੁਲਵਿੰਦਰ ਮਾਨ, ਡਾ. ਨਿਰਮਲ ਸਿੰਘ, ਬਲਾਕ ਐਕਸਟੈਂਸ਼ਨ ਐਜੂਕੇਟਰ ਵਿਕਾਸ ਵਿਰਦੀ, ਸੁਸ਼ੀਲ ਕੁਮਾਰ, ਅੰਮ੍ਰਿਤਪਾਲ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ ।

# ਪ੍ਰੋਫੈਸਰ ਅਵਤਾਰ ਸਿੰਘ ਵਿਰਦੀ ਦੁਆਰਾ ਕੈਂਸਰ ਜਾਗਰੂਕਤਾ ਤੇ ਖੋਜ ਲਈ ਫ਼ੰਡ ਇਕੱਠਾ ਕਰਨ ਦੀ ਮੁਹਿੰਮ ਦੀ ਸ਼ੁਰੂਆਤ



ਕੱਲ੍ਹ ਸ਼ਾਮ ਕੈਂਸਰ ਨੂੰ ੨ ਬਾਰ ਮਾਤ ਦੇਣ ਤੋਂ ਬਾਅਦ ਅੱਜ ਗੁਰੂਦੁਆਰਾ ਸਾਹਿਬ ਦੁੱਖ ਨਿਵਾਰਨ ਸਾਹਿਬ ਵਿਖੇ ਅਰਦਾਸ ਕਰਨ ਉਪਰੰਤ ਉਹ ਕੈਨੇਡਾ ਦੇ ਵੱਖ ਵੱਖ ਸ਼ਹਿਰਾਂ,ਪ੍ਰਦੇਸ਼ਾਂ ਤੋਂ ਹੁੰਦੇ ਹੋਏ ਫ਼ੰਡ ਇਕੱਠਾ ਕਰਨ ਤੋਂ ਬਾਅਦ ਫਿਰ ਸਰੀ ਵਾਪਿਸ ਪਰਤਣਗੇ,ਇਸ ਮੌਕੇ ਪ੍ਰੋਫੈਸਰ ਵਿਰਦੀ ,ਜਤਿੰਦਰ ਜੇ ਮਿਨਹਾਸ ,ਨੇ ਗੁਰੂਦੁਆਰਾ ਸਾਹਿਬ ਦੁਆਰਾ, ਸੰਗਤ ਤੇ ਮੀਡਿਆ ਇਸ ਮੁਹਿੰਮ ਲਈ ਸਹਿਯੋਗ ਲਈ ਧੰਨਵਾਦ ਕੀਤਾ ਗਿਆ. ਇਸ ਮੌਕੇ ਨੋਰਿਸ ,ਜਤਿੰਦਰ ਜੇ ਮਿਨਹਾਸ ,ਇੰਦਰਜੀਤ ਬੈਂਸ ,ਬਲਦੇਵ ਸਿੰਘ ਬਾਠ ਗੁਰੂਦੁਆਰਾ ਸਾਹਿਬ ਦੇ ਭਾਈ ਸਾਹਿਬ ਨਰਿੰਦਰ ਸਿੰਘ ,ਗੁਰਵਿੰਦਰ ਸਿੰਘ ਭੱਟੀ ,ਹਾਜ਼ਿਰ ਸਨ /ਪ੍ਰੋਫੈਸਰ ਵਿਰਦੀ ਤੇ ਜਤਿੰਦਰ ਜੇ ਮਿਨਹਾਸ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਮੁਹਿੰਮ ਵਿਚ ਜਿਆਦਾ ਯੋਗਦਾਨ ਪਾਉਣ ,ਉਹਨਾਂ ਕਿਹਾ ਉਹ ਫੰਡ ਦਾਨ ਦੇਣ ਲਈ ਤੇ ਵਿਰਦੀ ਸਾਹਿਬ ਨਾਲ 604 -725-3340 ਤੇ ਸੰਪਰਕ ਕੀਤਾ ਜਾ ਸਕਦਾ ਹੈ /ਇਸ ਮੌਕੇ ਕੈਂਸਰ ਜਾਗਰੂਕਤਾ ਤੇ ਖੋਜ ਲਈ ਫੰਡ ਇਕੱਠਾ ਕਰਨ ਦਾ ਸੰਦੇਸ਼ ਦਿੰਦੀ ਟੀ ਸ਼ਰਟ ਵੀ ਜਾਰੀ ਕੀਤੀ ਗਈ / ਪ੍ਰੋਫੈਸਰ ਵਿਰਦੀ ਨੇ ਕਿਹਾ ਕੇ ਸਾਨੂੰ ਇਸ ਬਿਮਾਰੀ ਤੋਂ ਘਬਰਾਉਣਾ ਨਹੀਂ ਚਾਹੀਦਾ ,ਉਹਨਾਂ ਕਿਹਾ ਕੇ ਸਾਨੂੰ ਸ਼ਰੀਰਕ ਤੇ ਮਾਨਸਿਕ ਤੋਰ ਤੇ ਇਸ ਬਿਮਾਰੀ ਨਾਲ ਲੜਨ ਲਈ ਤਿਆਰ ਰਹਿਣਾ ਚਾਹੀਦਾ ਹੈ , ਉਹਨਾਂ ਦਸਿਆ ਕਿ ਜਦੋ ਉਹ ਇਸ ਬਿਮਾਰੀ ਨਾਲ ਲੜ ਰਹੇ ਸੀ , ਤਾ ਰੋਜ਼ਾਨਾ ਪ੍ਰਮਾਤਮਾ ਦਾ ਸਿਮਰਨ ਕਰਦੇ ਸਨ /ਉੱਘੇ ਸਮਾਜ ਸੇਵਕ ,ਜਤਿੰਦਰ ਜੇ ਮਿਨਹਾਸ ,ਭਾਈ ਸਾਹਿਬ ਨਰਿੰਦਰ ਸਿੰਘ ,ਫਿਲਮ ਪ੍ਰੋਡਿਊਸਰ ਇੰਦਰਜੀਤ ਬੈਂਸ ,ਬਸੰਤ ਮੋਟਰਜ਼ ਤੋਂ ਬਲਦੇਵ ਸਿੰਘ ਬਾਠ ਨੇ ਸੰਗਤ ਤੇ ਸਮੂਹ ਲੋਕਾਂ ਨੂੰ ਅਪੀਲ ਕੀਤੀ ਉਹ ਵੱਧ ਤੂੰ ਵੱਧ ਇਸ ਸੇਵਾ ਵਿਚ ਯੋਗਦਾਨ ਪਾਉਣ /ਸੰਗਤਾਂ ਤੇ ਮੀਡਿਆ ਨੇ ਪ੍ਰੋਡਫੈਸਰ ਵਿਰਦੀ ਨੂੰ ਇਸ ਨੇਕ ਕਾਰਜ ਲਈ ਸ਼ੁਬਕਾਮਨਾਵਾਂ ਦਿਤੀਆਂ।

# ਮੁੱਖ ਮੰਤਰੀ ਵੱਲੋਂ ਆਨਲਾਈਨ ਡਰਾਈਵਿੰਗ ਲਾਇਸੈਂਸ ਲਈ ਪੋਰਟਲ ਦੀ ਸ਼ੁਰੂਆਤ ਕਰਨਾ ਲੋਕ ਹਿਤੈਸ਼ੀ ਫੈਸਲਾ : ਵਿਧਾਇਕ ਸ਼ੈਰੀ ਕਲਸੀ

**ਬਟਾਲਾ/ਸੁਖਨਾਮ ਸਿੰਘ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਵਾਸੀਆਂ ਲਈ ਆਨਲਾਈਨ ਡਰਾਈਵਿੰਗ ਲਾਇਸੈਂਸ ਦੀ ਸਹੂਲਤ ਦੀ ਸੁਰੂਆਤ ਕਰਨ ਦਾ ਵਿਧਾਨ ਸਭਾ ਹਲਕਾ ਬਟਾਲਾ ਦੇ ਵਿਧਾਇਕ ਸ੍ਰੀ ਅਮਨ ਸ਼ੇਰ ਸਿੰਘ ਕਲਸੀ (ਸ਼ੈਰੀ ਕਲਸੀ) ਨੇ ਸਵਾਗਤ ਕੀਤਾ ਹੈ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਇਹ ਇਕ ਇਤਿਹਾਸਕ ਕਦਮ ਹੈ ਜਿਸ ਨਾਲ ਚਾਹਵਾਨ ਲੋਕ ਲਰਨਿੰਗ ਡਰਾਈਵਿੰਗ ਲਾਇਸੰਸ ਸੌਖਿਆ ਹੀ ਆਪਣੇ ਘਰਾਂ ਵਿੱਚ ਪ੍ਰਾਪਤ ਕਰ ਸਕਣਗੇ ਜਿਸ ਨਾਲ ਉਨਾਂ ਦੇ ਸਮੇਂ, ਪੈਸੇ ਅਤੇ ਊਰਜਾ ਦੀ ਬੱਚਤ ਹੋਵੇਗੀ।

ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਇਸ ਨਵੀਂ ਪਹਿਲਕਦਮੀ ਨਾਲ ਹੁਣ ਸੂਬਾ ਵਾਸੀ ਆਪਣੇ ਕੰਪਿਊਟਰ, ਮੋਬਾਈਲ, ਟੈਬਲੇਟ ਜਾਂ ਲੈਪਟਾਪ 'ਤੇ ਸਿਰਫ ਇੱਕ ਕਲਿੱਕ ਕਰਨ 'ਤੇ ਲਰਨਿੰਗ ਡਰਾਈਵਿੰਗ ਲਾਇਸੈਂਸ ਪ੍ਰਾਪਤ ਕਰ ਸਕਦੇ ਹਨ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਲੋਕਾਂ ਦੀ ਸਹੂਲਤ ਅਤੇ ਭ੍ਰਿਸਟਾਚਾਰ ਨੂੰ ਨੱਥ ਪਾਉਣ ਲਈ ਇਹ ਪਹਿਲ ਕਦਮੀ ਕੀਤੀ ਹੈ ਉਨਾਂ ਕਿਹਾ ਕਿ ਇਸ ਸਹੂਲਤ ਦੀ ਸ਼ੁਰੂਆਤ ਹੋਣ ਨਾਲ ਲੋਕਾਂ ਨੂੰ ਹੁਣ ਆਰ.ਟੀ.ਏ. ਦਫਤਰਾਂ/ਟਰੈਕਾਂ 'ਤੇ ਜਾਣ ਲਈ ਕਿਸੇ ਕਿਸਮ ਦੀ ਪ੍ਰੇਸ਼ਾਨੀ ਦਾ ਸਾਹਮਣਾ



ਨਹੀਂ ਕਰਨਾ ਪਵੇਗਾ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਹੁਣ ਉਹ ਘਰ ਬੈਠੇ ਹੀ ਆਪਣੇ ਕੰਪਿਊਟਰ, ਮੋਬਾਈਲ, ਟੈਬਲੇਟ ਜਾਂ ਲੈਪਟਾਪ ਦੀ ਇੱਕ ਕਲਿੱਕ ਕਰਨ 'ਤੇ ਲਰਨਿੰਗ ਡਰਾਈਵਿੰਗ ਲਾਇਸੈਂਸ ਪ੍ਰਾਪਤ ਕਰ ਸਕਣਗੇ ਉਨਾਂ ਕਿਹਾ ਕਿ ਇਸ ਤੋਂ ਇਲਾਵਾ ਜੇਕਰ ਲੋਕ ਚਾਹੁਣ ਤਾਂ ਸੁਵਿਧਾ ਕੇਂਦਰ ਵਿਖੇ ਵੀ ਆਪਣਾ ਲਾਇਸੈਂਸ ਅਪਲਾਈ ਕਰ ਸਕਦੇ ਹਨ। ਬਟਾਲਾ ਦੇ

**ਹੁਣ ਲੋਕ ਘਰ ਬੈਠੇ ਹੀ ਆਪਣੇ ਕੰਪਿਊਟਰ, ਮੋਬਾਈਲ, ਟੈਬਲੇਟ ਜਾਂ ਲੈਪਟਾਪ ਦੀ ਇੱਕ ਕਲਿੱਕ ਕਰਨ 'ਤੇ ਲਰਨਿੰਗ ਡਰਾਈਵਿੰਗ ਲਾਇਸੈਂਸ ਪ੍ਰਾਪਤ ਕਰ ਸਕਣਗੇ।**

ਵਿਧਾਨਕਾਰ ਸ਼ੈਰੀ ਕਲਸੀ ਨੇ ਕਿਹਾ ਕਿ ਬਿਨੈਕਾਰ ਆਪਣਾ ਆਧਾਰ ਕਾਰਡ ਅਪਲੋਡ ਕਰਦੇ ਸਮੇਂ ਲਰਨਿੰਗ ਡਰਾਈਵਿੰਗ ਲਾਇਸੈਂਸ ਅਪਲਾਈ ਕਰ ਸਕਦਾ ਹੈ ਜਿਸ ਤੋਂ ਬਾਅਦ ਉਹ ਆਨਲਾਈਨ ਲਰਨਿੰਗ ਲਾਇਸੈਂਸ ਟੈਸਟ ਵਿਚ ਹਿੱਸਾ ਲੈ ਸਕਦਾ ਹੈ ਉਨਾਂ ਕਿਹਾ ਕਿ ਬਿਨੈਕਾਰ ਆਨਲਾਈਨ ਟੈਸਟ ਪਾਸ ਕਰਨ ਤੋਂ ਬਾਅਦ ਲਾਇਸੈਂਸ ਨੂੰ ਡਾਊਨਲੋਡ ਕਰਕੇ ਇਸ ਦਾ ਪ੍ਰਿੰਟ ਲੈ ਸਕਦਾ ਹੈ ਸ਼ੈਰੀ ਕਲਸੀ ਨੇ ਕਿਹਾ ਕਿ ਇਸ ਨਾਲ ਉਨਾਂ ਲੋਕਾਂ ਦੇ ਕੀਮਤੀ ਸਮੇਂ ਦੀ ਬੱਚਤ ਹੋਵੇਗੀ, ਜਿਨਾਂ ਨੂੰ ਪਹਿਲਾਂ ਲਾਇਸੈਂਸ ਲੈਣ ਲਈ ਲੰਮੀਆਂ ਕਤਾਰਾਂ 'ਚ ਖੜਨਾ ਪੈਂਦਾ ਸੀ ਉਨ੍ਹਾਂ ਅੱਗੇ ਕਿਹਾ ਕਿ ਸੂਬਾ ਸਰਕਾਰ ਲੋਕਾਂ ਨੂੰ ਬਿਹਤਰੀਨ ਨਾਗਰਿਕ ਕੇਂਦਰਿਤ ਸੇਵਾਵਾਂ ਪ੍ਰਦਾਨ ਕਰਕੇ ਉਨਾਂ ਦੀ ਭਲਾਈ ਲਈ ਪੂਰਨ ਤੌਰ ਉਤੇ ਵਚਨਬੱਧ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਅਜਿਹੀਆਂ ਹੋਰ ਸਹੂਲਤਾਂ ਵੀ ਸ਼ੁਰੂ ਕੀਤੀਆਂ ਜਾਣਗੀਆਂ॥

# ਬਾਲ ਕਹਾਣੀ : ਰਾਜਾ , ਰਾਣੀ ਤੇ ਭਿਖਾਰੀ

ਇੱਕ ਵਾਰ ਦੀ ਗੱਲ ਹੈ ਇੱਕ ਦੇਸ਼ ਵਿੱਚ ਇੱਕ ਰਾਜਾ ਰਹਿੰਦਾ ਸੀ ਉਸ ਦੀ ਇੱਕ ਰਾਣੀ ਸੀ ਰਾਣੀ ਕਾਫ਼ੀ ਲਾਲਚੀ ਸੀ ਰਾਣੀ ਨੂੰ ਚੋਰੀ ਕਰਨ ਦੀ ਆਦਤ ਸੀ ਇੱਕ ਵਾਰ ਰਾਣੀ ਕੋਲ ਇੱਕ ਭਿਖਾਰੀ ਆਇਆ ਭਿਖਾਰੀ ਨੇ ਕਿਹਾ ਕਿ ਮੈਨੂੰ ਕੁਝ ਪੈਸੇ ਦੀ ਜ਼ਰੂਰਤ ਹੈ , ਮੈਂ ਰੋਟੀ ਖਾਣੀ ਹੈ ਅਤੇ ਆਪਣੇ ਬੱਚਿਆਂ ਨੂੰ ਰੋਟੀ ਲੈ ਕੇ ਜਾਣੀ ਹੈ ਰਾਣੀ ਨੇ ਭਿਖਾਰੀ ਨੂੰ ਪੈਸੇ ਦੇਣ ਤੋਂ ਇਨਕਾਰ ਕਰ ਦਿੱਤਾ ਭਿਖਾਰੀ ਮਹਿਲਾਂ ਤੋਂ ਵਾਪਸ ਜਾ ਰਿਹਾ ਸੀ ਰਸਤੇ ਵਿੱਚ ਉਸ ਨੂੰ ਰਾਜਾ ਮਿਲ ਗਿਆ ਉਸ ਨੇ ਰਾਜੇ ਨੂੰ ਆਪਣੀ ਸਾਰੀ ਗੱਲ ਦੱਸੀ ਰਾਜੇ ਨੇ ਕਿਹਾ ਕਿ ਤੂੰ ਮੇਰੇ ਨਾਲ ਚੱਲ ਰਾਜੇ ਨੇ ਜਦੋਂ ਪੈਸੇ ਲੈਣ ਲਈ ਆਪਣੇ ਖ਼ਜ਼ਾਨੇ ਵੱਲ ਗਿਆ ਤਾਂ ਰਾਜੇ ਨੇ ਦੇਖਿਆ ਰਾਣੀ ਉੱਥੇ ਚੋਰੀ ਕਰ ਰਹੀ ਸੀ ਫਿਰ ਰਾਜੇ ਨੇ ਰਾਣੀ ਨੂੰ ਸਮਝਾਇਆ ਉਸ ਨੇ ਰਾਣੀ ਨੂੰ ਦੱਸਿਆ ਕਿ ਸਾਨੂੰ ਚੋਰੀ ਨਹੀਂ ਕਰਨੀ ਚਾਹੀਦੀ ਫਿਰ ਰਾਣੀ ਨੇ ਚੋਰੀ ਕਰਨੀ ਛੱਡ ਦਿੱਤੀ ਰਾਜੇ ਨੇ ਭਿਖਾਰੀ ਨੂੰ ਰੋਟੀ ਦਿੱਤੀ ਰਾਜੇ ਨੇ ਭਿਖਾਰੀ ਨੂੰ ਪੈਸੇ ਵੀ ਦਿੱਤੇ ਭਿਖਾਰੀ ਖੁਸ਼ ਹੋ ਕੇ ਚਲਾ ਗਿਆ

**ਸਿੱਖਿਆ** :- ਸਾਨੂੰ ਉਸ ਕਹਾਣੀ ਤੋਂ ਇਹ ਸਿੱਖਿਆ ਮਿਲਦੀ ਹੈ ਕਿ ਸਾਨੂੰ ਗ਼ਰੀਬਾਂ ਦੀ ਮੱਦਦ ਕਰਨੀ ਚਾਹੀਦੀ ਹੈ ਚੋਰੀ ਨਹੀਂ ਕਰਨੀ ਚਾਹੀਦੀ



ਅੰਜਲੀ , ਜਮਾਤ - ਚੌਥੀ , ਸਰਕਾਰੀ ਪ੍ਰਾਇਮਰੀ ਸਮਾਰਟ ਸਕੂਲ ਗੰਭੀਰਪੁਰ ਲੋਅਰ , ਸੈਂਟਰ - ਢੇਰ , ਸਿੱਖਿਆ ਬਲਾਕ - ਸ੍ਰੀ ਅਨੰਦਪੁਰ ਸਾਹਿਬ , ਜ਼ਿਲ੍ਹਾ - ਰੂਪਨਗਰ ( ਪੰਜਾਬ )
ਗਾਈਡ ਅਧਿਆਪਕ : ਮਾਸਟਰ ਸੰਜੀਵ ਧਰਮਾਣੀ

